
People's Herald

People's Herald

Rs- 100/month



# "ਇਕੁਐਲਿਟੀ ਐਂਡ ਜਸਟਿਸ"



https://www.facebook.com/profile.php?id=161037521061610

"Equality and Justice"

स्वतंत्रता, समानता, भाईचारा

PATIALA On line paper 12 ਅਗਸਤ 2025 ਮੰਗਲਵਾਰ "ਰੋਜ਼ਾਨਾ" ਸਾਲ ਚੌਥਾ w.e.f. 15 August 2022 ਪਟਿਆਲਾ

ਮੁੱਖ ਸੰਪਾਦਕ- ਇੰਜੀ. ਹਰਦੀਪ ਸਿੰਘ ਚੁੰਬਰ | whatsapp. 91-94636-01616 | email. hardipchumber57@gmail.com | ਸਹਿ ਸੰਪਾਦਕ- ਸ਼੍ਰੀਮਤੀ ਆਸ਼ਾ ਕੁਮਾਰੀ, ਡਾ. ਜਗਤਾਰ ਸਿੰਘ

ਅੰਬੇਡਕਰਵਾਦ ਸਮਾਨਤਾ ਅਧਾਰਿਤ ਅਤੇ ਬ੍ਰਾਹਮਣਵਾਦ ਅਸਮਾਨਤਾ ਅਧਾਰਿਤ ਵਿਵਸਥਾ, ਸਮਾਨਤਾ ਸਥਾਪਿਤ ਕਰਨਾ ਹੀ ਸਾਰੀਆਂ ਬਿਮਾਰੀਆਂ ਦਾ ਇਲਾਜ ਹੈ



(Google pay91-9463601616 HARDIP SINGH STATE BANK OF INDIA ACCT NO-10566643658 . IFSC- SBIN0050773

## ਵਿਦੇਸ਼ੀ ਅਪਰਾਧੀਆਂ ਲਈ ਬਰਤਾਨੀਆਂ ਦੀ 'ਦੇਸ਼ ਨਿਕਾਲਾ ਹੁਣੇ, ਅਪੀਲ ਬਾਅਦ ਵਿਚ' ਸੂਚੀ ਵਿਚ ਸ਼ਾਮਲ ਹੋਇਆ ਭਾਰਤ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 11 ਅਗਸਤ INTERNATIONAL PAPER, 94636 01616 hardipchumber57@gmail.com

ਲੰਡਨ : ਬਰਤਾਨੀਆਂ ਸਰਕਾਰ ਦੀ ਵਿਸਥਾਰਿਤ ਸੂਚੀ 'ਚ ਭਾਰਤ ਉਨ੍ਹਾਂ ਦੇਸ਼ਾਂ 'ਚ ਸ਼ਾਮਲ ਹੋ ਗਿਆ ਹੈ, ਜਿੱਥੇ ਵਿਦੇਸ਼ੀ ਅਪਰਾਧੀਆਂ ਨੂੰ ਸਜ਼ਾ ਸੁਣਾਏ ਜਾਣ ਤੋਂ ਬਾਅਦ ਉਨ੍ਹਾਂ ਨੂੰ ਤੁਰਤ ਵਾਪਸ ਭੇਜ ਦਿਤਾ ਜਾਵੇਗਾ। ਸਜ਼ਾ ਵਿਰੁਧ ਅਪੀਲ ਵੀ ਉਹ ਬਰਤਾਨੀਆਂ ਤੋਂ ਬਾਹਰ ਜਾ ਕੇ ਹੀ ਦਾਖ਼ਲ ਕਰ ਸਕਣਗੇ।

ਬਰਤਾਨੀਆਂ ਦੇ ਗ੍ਰਹਿ ਮੰਤਰਾਲੇ ਨੇ ਐਤਵਾਰ ਨੂੰ ਇਕ ਐਲਾਨ ਵਿਚ ਪੁਸ਼ਟੀ ਕੀਤੀ ਕਿ ਉਸ ਦੀ 'ਦੇਸ਼ ਨਿਕਾਲਾ ਹੁਣੇ, ਅਪੀਲ ਬਾਅਦ ਵਿਚ' ਯੋਜਨਾ ਦਾ ਦਾਇਰਾ ਅੱਠ ਦੇਸ਼ਾਂ ਤੋਂ ਲਗਭਗ ਤਿੰਨ ਗੁਣਾ ਵਧਾ ਕੇ 23 ਕਰ ਦਿਤਾ ਜਾਵੇਗਾ ਅਤੇ ਇਨ੍ਹਾਂ ਦੇਸ਼ਾਂ ਦੇ ਵਿਦੇਸ਼ੀ ਨਾਗਰਿਕਾਂ ਨੂੰ ਉਨ੍ਹਾਂ ਦੇ ਦੇਸ਼ ਵਾਪਸ ਭੇਜ ਦਿਤਾ ਜਾਵੇਗਾ।

ਜਿਨ੍ਹਾਂ ਵਿਦੇਸ਼ੀਆਂ ਨੇ ਅਪਣੇ ਮਨੁੱਖੀ ਅਧਿਕਾਰਾਂ ਦੇ ਦਾਅਵੇ ਨੂੰ ਰੱਦ ਕਰ ਦਿਤਾ ਹੈ, ਉਨ੍ਹਾਂ ਨੂੰ ਵੀਡੀਉ ਤਕਨਾਲੋਜੀ ਦੀ ਵਰਤੋਂ ਕਰਦਿਆਂ ਵਿਦੇਸ਼ਾਂ ਤੋਂ ਦੂਰ-ਦੁਰਾਡੇ ਅਪਣੀ ਯੂ.ਕੇ. ਅਪੀਲ ਸੁਣਵਾਈ ਵਿਚ ਹਿੱਸਾ ਲੈਣ ਦਾ ਮੌਕਾ ਮਿਲੇਗਾ।

ਉਨ੍ਹਾਂ ਕਿਹਾ ਕਿ ਬਹੁਤ ਲੰਮੇ ਸਮੇਂ ਤੋਂ ਵਿਦੇਸ਼ੀ ਅਪਰਾਧੀ ਸਾਡੀ ਇਮੀਗ੍ਰੇਸ਼ਨ ਪ੍ਰਣਾਲੀ ਦਾ ਸੋਸ਼ਣ ਕਰ ਰਹੇ ਹਨ, ਮਹੀਨਿਆਂ ਜਾਂ ਸਾਲਾਂ ਤੋਂ ਬਰਤਾਨੀਆਂ ਵਿਚ ਰਹਿ ਰਹੇ ਹਨ ਜਦਕਿ ਉਨ੍ਹਾਂ ਦੀਆਂ ਅਪੀਲਾਂ ਜਾਰੀ ਰਹਿੰਦੀਆਂ ਹਨ। ਗ੍ਰਹਿ ਮੰਤਰੀ ਯੇਵੇਟ ਕੂਪਰ ਨੇ ਕਿਹਾ ਕਿ ਇਸ ਨੂੰ ਖ਼ਤਮ ਕੀਤਾ ਜਾਣਾ ਚਾਹੀਦਾ ਹੈ।

ਉਨ੍ਹਾਂ ਕਿਹਾ, ''ਸਾਡੇ ਦੇਸ਼ 'ਚ ਅਪਰਾਧ ਕਰਨ ਵਾਲਿਆਂ ਨੂੰ ਸਿਸਟਮ 'ਚ ਹੇਰਾਫੇਰੀ ਕਰਨ ਦੀ ਇਜਾਜ਼ਤ ਨਹੀਂ ਦਿਤੀ ਜਾ ਸਕਦੀ, ਇਸ ਲਈ ਅਸੀਂ ਕੰਟਰੋਲ ਬਹਾਲ ਕਰ ਰਹੇ ਹਾਂ ਅਤੇ ਸਪੱਸ਼ਟ ਸੰਦੇਸ਼ ਦੇ ਰਹੇ ਹਾਂ ਕਿ ਸਾਡੇ ਕਾਨੂੰਨਾਂ ਦਾ ਸਨਮਾਨ ਕੀਤਾ ਜਾਣਾ ਚਾਹੀਦਾ ਹੈ ਅਤੇ ਉਨ੍ਹਾਂ ਨੂੰ ਲਾਗੂ ਕੀਤਾ ਜਾਵੇਗਾ।''

ਕੰਜ਼ਰਵੇਟਿਵ ਗ੍ਰਹਿ ਮੰਤਰੀ ਸੁਏਲਾ ਬ੍ਰੇਵਰਮੈਨ ਨੇ 2023 'ਚ ਦੂਰ ਸੁਣਵਾਈ ਯੋਜਨਾ ਦੇ ਤਹਿਤ ਜਿਨ੍ਹਾਂ ਦੇਸ਼ਾਂ ਨੂੰ ਮੁੜ ਸੁਰਜੀਤ ਕੀਤਾ ਸੀ, ਉਨ੍ਹਾਂ 'ਚ ਫਿਨਲੈਂਡ, ਨਾਈਜੀਰੀਆ, ਐਸਟੋਨੀਆ, ਅਲਬਾਨੀਆ, ਬੇਲੀਜ਼,



ਮਾਰੀਸ਼ਸ, ਤਨਜ਼ਾਨੀਆ ਅਤੇ ਕੋਸੋਵੋ ਸ਼ਾਮਲ ਹਨ। ਹੁਣ ਭਾਰਤ ਦੇ ਨਾਲ ਅੰਗੋਲਾ, ਆਸਟਰੇਲੀਆ, ਬੋਤਸਵਾਨਾ, ਬਰੂਨੇਈ, ਬੁਲਗਾਰੀਆ, ਕੈਨੇਡਾ, ਗੁਆਨਾ, ਇੰਡੋਨੇਸ਼ੀਆ, ਕੀਨੀਆ, ਲਾਤਵੀਆ, ਲੇਬਨਾਨ, ਮਲੇਸ਼ੀਆ, ਯੂਗਾਂਡਾ ਅਤੇ ਜ਼ਾਂਬੀਆ ਸ਼ਾਮਲ ਹੋਣਗੇ। ਬਰਤਾਨੀਆਂ ਸਰਕਾਰ ਨੇ ਕਿਹਾ ਕਿ ਉਹ ਇਸ ਯੋਜਨਾ ਵਿਚ ਸ਼ਾਮਲ ਹੋਣ ਬਾਰੇ ਕਈ ਹੋਰ ਦੇਸ਼ਾਂ ਨਾਲ ਲਗਾਤਾਰ ਵਿਚਾਰ-ਵਟਾਂਦਰੇ ਵਿਚ ਹੈ।

## ਗਿਆਨੀ ਹਰਪ੍ਰੀਤ ਸਿੰਘ ਪੰਜ ਮੈਂਬਰੀ ਕਮੇਟੀ ਵੱਲੋਂ ਬਣਾਏ ਅਕਾਲੀ ਦਲ ਦੇ ਪ੍ਰਧਾਨ ਚੁਣੇ ਗਏ

### ਕਿਰਦਾਰਕੁਸ਼ੀ ਕਰਨ ਲਈ ਜੇ ਪਰਿਵਾਰਾਂ ਤੱਕ ਪਹੁੰਚੇ ਤਾਂ ਤੁਹਾਨੂੰ ਵੀ ਨੰਗਾ ਕਰਾਂਗਾ- ਗਿਆਨੀ ਹਰਪ੍ਰੀਤ ਸਿੰਘ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 11 ਅਗਸਤ INTERNATIONAL PAPER, 94636 01616 hardipchumber57@gmail.com

ਚੰਡੀਗੜ੍ਹ:

ਸਾਬਕਾ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੂੰ ਪੰਜ ਮੈਂਬਰੀ ਭਰਤੀ ਕਮੇਟੀ ਵੱਲੋਂ ਗਠਿਤ ਸ਼੍ਰੋਮਣੀ ਅਕਾਲੀ ਦਲ ਦਾ ਸਰਬਸੰਮਤੀ ਤੇ ਬਿਨਾਂ ਕਿਸੇ ਵਿਰੋਧ ਦੇ ਪ੍ਰਧਾਨ ਐਲਾਨ ਦਿੱਤਾ ਗਿਆ ਹੈ। ਇਸ ਦਾ ਐਲਾਨ ਨਿਗਰਾਨ ਬਣਾਏ ਸੰਤਾ ਸਿੰਘ ਉਮੈਦਪੁਰੀ ਵੱਲੋਂ ਕੀਤਾ ਗਿਆ ਹੈ।

ਇਸ ਦੇ ਨਾਲ ਹੀ ਬੀਬੀ ਸਤਵੰਤ ਕੌਰ ਨੂੰ ਪੰਥਕ ਕੌਂਸਲ ਦੀ ਚੇਅਰਪਰਸਨ ਚੁਣਿਆ ਗਿਆ ਹੈ। ਅਕਾਲੀ ਦਲ ਦੇ ਪ੍ਰਧਾਨ ਵਜੋਂ ਗਿਆਨੀ ਹਰਪ੍ਰੀਤ ਸਿੰਘ ਦੇ ਨਾਂ ਦੀ ਤਜਵੀਜ਼ ਬਾਬਾ ਸਰਬਜੋਤ ਸਿੰਘ ਬੇਦੀ ਨੇ ਰੱਖੀ ਜਦੋਂਕਿ ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਗੋਬਿੰਦ ਸਿੰਘ ਲੌਂਗੋਵਾਲ ਨੇ ਇਸ ਦੀ ਤਾਈਦ ਕੀਤੀ।

ਸ੍ਰੀ ਅਕਾਲ ਤਖ਼ਤ ਵੱਲੋਂ ਬਣਾਈ ਗਈ ਭਰਤੀ ਕਮੇਟੀ ਵੱਲੋਂ ਅੱਜ ਇੱਥੇ ਡੈਲੀਗੇਟ ਇਜਲਾਸ ਦੌਰਾਨ ਪੰਥਕ ਕੌਂਸਲ ਬਣਾਈ ਗਈ ਹੈ ਅਤੇ ਬੀਬੀ ਸਤਵੰਤ ਕੌਰ ਨੂੰ ਉਸ ਦਾ ਚੇਅਰਪਰਸਨ ਨਿਯੁਕਤ ਕੀਤਾ ਗਿਆ ਹੈ। ਡੈਲੀਗੇਟ ਇਜਲਾਸ ਲਈ ਅਬਜ਼ਰਵਰ ਨਿਯੁਕਤ ਕੀਤੇ ਗਏ ਪੰਜ ਮੈਂਬਰੀ ਕਮੇਟੀ ਵਿੱਚ ਸ਼ਾਮਲ ਸੰਤਾ ਸਿੰਘ ਉਮੈਦਪੁਰੀ ਨੇ ਨਵੀਂ ਨਿਯੁਕਤੀ ਦਾ ਐਲਾਨ ਕੀਤਾ ਹੈ।

ਡੈਲੀਗੇਟ ਇਜਲਾਸ ਵੱਲੋਂ ਸਰਕਾਰ ਕੋਲੋਂ ਮੰਗ ਕੀਤੀ ਗਈ ਹੈ ਕਿ ਪੰਜਾਬੀ ਬੋਲਦੇ ਇਲਾਕੇ ਪੰਜਾਬ ਨੂੰ ਵਾਪਸ ਕੀਤੇ ਜਾਣ, ਪੰਜਾਬ ਦੇ ਦਰਿਆਈ ਪਾਣੀਆਂ ਦਾ ਮਸਲਾ ਰਿਪੇਰੀਅਨ ਕਾਨੂੰਨ ਮੁਤਾਬਕ ਹੱਲ ਕੀਤਾ ਜਾਵੇ, ਪੰਜਾਬ ਦੀ ਵਿਗੜ ਰਹੀ ਅਮਨ ਕਾਨੂੰਨ ਦੀ ਸਥਿਤੀ ਤੇ ਚਿੰਤਾ ਦਾ ਪ੍ਰਗਟਾਵਾ, ਲੈਂਡ ਪੂਲਿੰਗ ਨੀਤੀ ਦੀ ਸਖਤ ਵਿਰੋਧਤਾ ਕਰਦਿਆਂ ਹੋਇਆ ਇਸ ਨੂੰ ਰੱਦ ਕਰਨ ਦੀ ਮੰਗ, ਪੰਜਾਬ ਤੋਂ ਬਾਹਰੀ ਲੋਕਾਂ ਨੂੰ ਪੰਜਾਬ 'ਚ ਨੌਕਰੀ, ਜਾਇਦਾਦ ਖਰੀਦਣ ਅਤੇ ਵੋਟ ਦੇ ਅਧਿਕਾਰ 'ਤੇ ਪੂਰਨ ਪਾਬੰਦੀ ਲਗਾਉਣ ਦੀ ਮੰਗ ਕਰਦਾ ਹੈ। ਪੰਜਾਬ ਪੰਜਾਬੀਆਂ ਦਾ ਸੂਬਾ ਹੈ ਤੇ ਪੰਜਾਬੀ ਆਪਣੀ ਬੋਲੀ ਅਤੇ ਲਿਖੀ 'ਤੇ ਬਹੁਤ ਮਾਣ ਕਰਦੇ ਹਨ। ਪਰ ਅਫਸੋਸ ਦੀ ਗੱਲ ਹੈ ਕਿ ਅਜ਼ਾਦੀ ਦੇ 75 ਸਾਲ ਪੂਰੇ ਹੋਣ ਤੋਂ ਬਾਅਦ ਵੀ ਹਾਲੇ ਤੱਕ ਪੰਜਾਬੀ ਬੋਲੀ ਨੂੰ ਬਣਦਾ ਮਾਨ ਸਨਮਾਨ ਨਹੀਂ ਮਿਲਿਆ। ਸਰਕਾਰੀ ਦਫ਼ਤਰਾਂ ਵਿਚ ਹਾਲੇ ਤੱਕ ਪੰਜਾਬੀ ਨੂੰ ਛੱਡ ਕੇ ਅੰਗਰੇਜ਼ੀ ਜਾਂ ਹਿੰਦੀ 'ਚ ਕੰਮ ਕੀਤੇ ਜਾਂਦੇ ਹਨ।

ਪੰਜਾਬ ਦੇ ਦੂਸ਼ਿਤ ਹੋ ਰਹੇ ਪਾਣੀਆਂ ਦੀ ਸਾਂਭ ਸੰਭਾਲ ਨਾ ਹੋਣ ਕਾਰਨ ਪੰਜਾਬ ਦਾ ਵਾਤਾਵਰਣ ਵਿਗੜ ਰਿਹਾ ਹੈ। ਇਸ ਅਹਿਮ ਮਸਲੇ 'ਤੇ ਮਾਹਿਰਾਂ ਦੀ ਰਾਇ ਤੇ ਸਿਫਾਰਸ਼ਾਂ ਲੈਣ ਉਪਰੰਤ ਪੰਜਾਬ ਦੇ ਵਾਤਾਵਰਣ ਨੂੰ ਬਚਾਉਣ ਲਈ ਹਰ ਠੋਸ ਕਦਮ ਚੁੱਕੇ ਜਾਣਗੇ। ਭਾਰਤੀ ਸੰਵਿਧਾਨ ਨੂੰ ਫੈਡਰਲ ਰੂਪ ਦੇਣ ਦੀ ਮੰਗ ਅਤੇ ਰਾਜਾਂ ਨੂੰ ਵਧੇਰੇ ਅਧਿਕਾਰ ਦੇਣ ਦੀ ਮੰਗ, ਦੇਸ਼ ਦੀ ਤਰੱਕੀ ਵਾਸਤੇ ਵਪਾਰ ਲਈ ਅਟਾਰੀ ਸਰਹੱਦ ਹੁਸੈਨੀ ਵਾਲਾ ਸਰਹੱਦ ਖੋਲਣ ਦੀ ਮੰਗ ਆਦਿ ਸ਼ਾਮਲ ਹਨ। ਸ਼੍ਰੀ ਅਕਾਲ ਤਖ਼ਤ ਸਾਹਿਬ ਸਥਾਪਿਤ ਪੰਜ ਮੈਂਬਰੀ ਕਮੇਟੀ ਨੇ ਅਕਾਲੀ ਦਲ ਦੀ ਪੁਨਰਸੁਰਜੀਤੀ ਲਈ ਭਰਤੀ ਕੀਤੀ ਗਈ ਅਤੇ ਇਜਲਾਸ ਬੁਲਾ ਕੇ ਗਿਆਨੀ ਹਰਪ੍ਰੀਤ ਸਿੰਘ ਨੂੰ ਨਵਾਂ ਪ੍ਰਧਾਨ ਥਾਪ ਦਿੱਤਾ ਹੈ।

ਅਕਾਲੀ ਦਲ ਦਾ ਪ੍ਰਧਾਨ ਬਣਨ ਮਗਰੋਂ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਹੈ ਕਿ ਪੰਥ ਨੇ ਜੋ ਸੇਵਾ ਬਖ਼ਸ਼ੀ ਹੈ ਮੈਂ ਬੜੀ ਇਮਾਨਦਾਰੀ ਨਾਲ ਨਿਭਾਵਾਂਗਾ । ਉਨਾਂ ਨੇ ਕਿਹਾ ਹੈ ਕਿ ਮੈਂ ਕੋਈ ਚੋਣ ਨਹੀਂ ਲੜਨੀ।, ਉਨ੍ਹਾਂ ਨੇ ਕਿਹਾ ਹੈ ਕਿ ਪਾਰਟੀ ਚੋਣ ਲੜਾਂਗੀ ਤੇ ਸਰਕਾਰ ਬਣਾਏਗੀ।

ਪ੍ਰਧਾਨ ਬਣਨ ਤੋਂ ਬਾਅਦ ਸੁਖਬੀਰ ਬਾਦਲ ਨੂੰ ਗਿਆਨੀ ਹਰਪ੍ਰੀਤ ਸਿੰਘ ਦੀ ਚਿਤਾਵਨੀ



ਦਿੱਤੀ ਹੈ। ਉਨ੍ਹਾਂ ਨੇ ਕਿਹਾ ਹੈ ਕਿ ਜੇ ਕਿਸੇ ਦੀ ਵੀ ਕਿਰਦਾਰਕੁਸ਼ੀ ਕੀਤੀ ਤਾਂ ਅਸੀਂ ਬੂਹੇ 'ਤੇ ਖੜ੍ਹ ਕੇ ਤੁਹਾਨੂੰ ਨੰਗਾ ਕਰਾਂਗੇ।ਉਨ੍ਹਾਂ ਨੇ ਕਿਹਾ ਹੈ ਕਿ ਪ੍ਰਧਾਨ ਦੀਆਂ ਕਿੱਥੇ-ਕਿੱਥੇ ਜਾਇਦਾਦਾਂ ਨੇ, ਮੇਰੇ ਕੋਲ ਬਹੁਤ ਲੰਬੀ ਲਿਸਟ ਹੈ। ਉਨ੍ਹਾਂ ਨੇ ਕਿਹਾ ਹੈ ਕਿ ਅਸੀਂ ਐਸਜੀਪੀਸੀ ਦਾ ਚੋਣ ਨਿਸ਼ਾਨ ਅਤੇ ਦਫ਼ਤਰ ਵੀ ਲਵਾਂਗੇ। ਉਨ੍ਹਾਂ ਨੇ ਕਿਹਾ ਹੈ ਕਿ ਜਿਸ ਸਟੈਂਡ ਦੇ ਆਸਰੇ ਸੁਖਬੀਰ ਬਾਦਲ ਖੜ੍ਹਾ ਹੈ। ਅਸੀਂ ਕੋਈ ਵੱਖਰਾ ਚੁੱਲ੍ਹਾ ਨਹੀਂ ਬਣਾਉਣਾ ਸਗੋਂ ਇਹੀ ਅਸਲੀ ਚੁੱਲ੍ਹਾ ਹੈ।

ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਹੈ ਕਿ ਅਕਾਲ ਤਖ਼ਤ ਉੱਤੇ ਪੇਸ਼ ਹੋ ਕੇ ਸੰਗਤ ਨੇ ਸੁਖਬੀਰ ਬਾਦਲ ਨੂੰ ਸਤਿਕਾਰ ਨਹੀ ਦਿੱਤਾ ਸਗੋਂ ਤਿਰਸਕਾਰ ਕੀਤਾ ਹੈ। ਉਨ੍ਹਾਂ ਨੇ ਕਿਹਾ ਹੈ ਕਿ ਬਾਦਲ ਧੜਾ ਕਹਿੰਦਾ ਸੀ ਗ੍ਰੰਥੀਆਂ ਨੂੰ ਰਾਜਨੀਤੀ ਬਾਰੇ ਨਹੀਂ ਪਤਾ ਹੁਣ ਅਸੀਂ ਦੱਸਾਂਗੇ ਕਿ ਗ੍ਰੰਥੀ ਸਿੰਘ ਦੀ ਸਿਆਸਤ ਕੀਤੀ ਹੁੰਦੀ ਹੈ।

## ਪੰਜਾਬ ਵਿੱਚ ਆਪਣੇ ਹਨੇਰਗਰਦੀ ਵਾਲੇ ਸ਼ਾਸਨ ਦੀ ਇਕ ਵੀ ਪ੍ਰਾਪਤੀ ਦੱਸੋ: ਮੁੱਖ ਮੰਤਰੀ ਦੀ ਸੁਖਬੀਰ ਬਾਦਲ ਨੂੰ ਚੁਣੌਤੀ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 11 ਅਗਸਤ INTERNATIONAL PAPER, 94636 01616 hardipchumber57@gmail.com

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬਾਦਲਾਂ `ਤੇ ਸੂਬੇ ਨੂੰ ਰਾਜਨੀਤਿਕ, ਆਰਥਿਕ ਅਤੇ ਧਾਰਮਿਕ ਤੌਰ `ਤੇ ਬਰਬਾਦ ਕਰਨ ਦਾ ਦੋਸ਼ ਲਗਾਉਂਦੇ ਹੋਏ ਅਕਾਲੀ ਆਗੂ ਸੁਖਬੀਰ ਸਿੰਘ ਬਾਦਲ ਨੂੰ ਸੂਬੇ ਵਿੱਚ ਆਪਣੇ ਹਨੇਰਗਰਦੀ ਵਾਲੇ ਲੰਮੇ ਸ਼ਾਸਨ ਦੀ ਇਕ ਵੀ ਪ੍ਰਾਪਤੀ ਗਿਣਾਉਣ ਦੀ ਚੁਣੌਤੀ ਦਿੱਤੀ।

ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਅਕਾਲੀ ਆਗੂ ਸੁਖਬੀਰ ਸਿੰਘ ਬਾਦਲ `ਤੇ ਵਿਅੰਗ ਕਸਦਿਆਂ ਕਿਹਾ ਕਿ ਬਾਦਲਾਂ ਨੇ ਸੂਬੇ ਅਤੇ ਇਸ ਦੇ ਲੋਕਾਂ ਦੀ ਪਰਵਾਹ ਕੀਤੇ ਬਿਨਾਂ ਸਿਰਫ਼ ਆਪਣੇ ਕਾਰੋਬਾਰ ਵਧਾਉਣ ਲਈ ਕੰਮ ਕੀਤਾ ਹੈ। ਉਨ੍ਹਾਂ ਕਿਹਾ ਕਿ 2007-2017 ਦਾ ਸਮਾਂ ਸੂਬੇ ਦਾ ਸਭ ਤੋਂ ਕਾਲਾ ਦੌਰ ਸੀ, ਜਦੋਂ ਟਰਾਂਸਪੋਰਟ, ਕੇਬਲ, ਰੇਤ, ਨਸ਼ਾ ਅਤੇ ਹੋਰ ਮਾਫੀਆ ਨੇ ਸੂਬੇ ਵਿੱਚ ਆਪਣੇ ਪੈਰ ਪਸਾਰੇ। ਭਗਵੰਤ ਸਿੰਘ ਮਾਨ ਨੇ ਅਕਾਲੀ ਆਗੂ ਨੂੰ ਇਸ ਸਮੇਂ ਦੌਰਾਨ ਆਪਣੀ ਸਰਕਾਰ ਦੀ ਇਕ ਵੀ ਪ੍ਰਾਪਤੀ ਗਿਣਾਉਣ ਦੀ ਚੁਣੌਤੀ ਦਿੱਤੀ ਅਤੇ ਕਿਹਾ ਕਿ ਅਕਾਲੀ ਸ਼ਾਸਨ ਦੀ ਸਰਪ੍ਰਸਤੀ ਹੇਠ ਨਸ਼ਿਆਂ ਦਾ ਸੂਬੇ ਵਿੱਚ ਤੇਜ਼ੀ ਨਾਲ ਪਸਾਰ ਹੋਇਆ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਪੂਰੇ ਉਤਸ਼ਾਹ ਨਾਲ Punjab ਅਤੇ ਇਸ ਦੇ ਲੋਕਾਂ ਦੀ ਸੇਵਾ ਕਰ ਰਹੀ ਹੈ ਅਤੇ ਇਨ੍ਹਾਂ ਆਗੂਆਂ ਨੂੰ ਹੁਣ ਉਨ੍ਹਾਂ ਦੇ ਪਾਪਾਂ ਦੀ ਕੀਮਤ ਚੁਕਾਉਣੀ ਪੈ ਰਹੀ ਹੈ। ਉਨ੍ਹਾਂ ਕਿਹਾ ਕਿ ਹੁਣ ਸੂਬੇ ਵਿਰੁੱਧ ਘਿਨਾਉਣੇ ਅਪਰਾਧਾਂ ਲਈ ਜ਼ਿੰਮੇਵਾਰ ਆਗੂਆਂ ਨੂੰ ਸਲਾਖਾਂ ਪਿੱਛੇ ਸੁੱਟਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਅਜਿਹੀ ਹੀ ਇਕ ਮਿਸਾਲ ਨਾਭਾ ਜੇਲ੍ਹ ਵਿੱਚ ਬੰਦ ਨਸ਼ਿਆਂ ਦਾ ਸਰਗਨਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਜਦੋਂ ਮੌਜੂਦਾ ਸੂਬਾ ਸਰਕਾਰ ਅਜਿਹੇ ਅਨਸਰਾਂ ਵਿਰੁੱਧ ਲੜ ਰਹੀ ਹੈ ਤਾਂ ਰਵਾਇਤੀ ਪਾਰਟੀਆਂ ਇਨ੍ਹਾਂ ਨੂੰ ਬਚਾਉਣ ਲਈ ਆਪਸ ਵਿੱਚ ਰਲੀਆਂ ਹੋਈਆਂ ਹਨ।



ਨਸ਼ਿਆਂ ਦੇ ਦੋਸ਼ਾਂ ਹੇਠ ਨਾਭਾ ਜੇਲ੍ਹ ਵਿੱਚ ਬੰਦ ਸਾਬਕਾ ਅਕਾਲੀ ਮੰਤਰੀ ਦੀ ਹਮਾਇਤ ਕਰ ਰਹੀਆਂ ਰਵਾਇਤੀ ਪਾਰਟੀਆਂ ਦੇ ਆਗੂਆਂ ਨੂੰ ਨਿਸ਼ਾਨਾ ਬਣਾਉਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਹੈਰਾਨੀ ਵਾਲੀ ਗੱਲ ਹੈ ਕਿ ਕਾਂਗਰਸੀ ਆਗੂ ਚਰਨਜੀਤ ਸਿੰਘ ਚੰਨੀ, ਪ੍ਰਤਾਪ ਸਿੰਘ ਬਾਜਵਾ, ਸੁਖਪਾਲ ਸਿੰਘ ਖਹਿਰਾ, ਭਾਜਪਾ ਆਗੂ ਕੈਪਟਨ ਅਮਰਿੰਦਰ ਸਿੰਘ ਅਤੇ ਰਵਨੀਤ ਸਿੰਘ ਬਿੱਟੂ ਖੁੱਲ੍ਹ ਕੇ ਉਸ ਦੀ ਹਮਾਇਤ ਵਿੱਚ ਬੋਲ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਰਵਾਇਤੀ ਸਿਆਸੀ ਪਾਰਟੀਆਂ ਦੀ ਮਿਲੀਭੁਗਤ ਨੂੰ ਬੇਨਕਾਬ ਕਰਦਾ ਹੈ ਅਤੇ ਜਦੋਂ ਉਹ ਸੱਤਾ ਵਿੱਚ ਹੁੰਦੇ ਹਨ ਤਾਂ ਇਕ ਦੂਜੇ ਦੇ ਗਲਤ ਕੰਮਾਂ `ਤੇ ਪਰਦਾ ਪਾਉਂਦੇ ਹਨ। ਭਗਵੰਤ ਸਿੰਘ ਮਾਨ ਨੇ ਇਕ ਵਾਰ ਫਿਰ ਉਨ੍ਹਾਂ ਨੂੰ ਚੁਣੌਤੀ ਦਿੱਤੀ ਕਿ ਉਹ ਪੰਜਾਬ ਦੇ ਲੋਕਾਂ ਨੂੰ ਸਪੱਸ਼ਟ ਕਰਨ ਕਿ ਉਹ ਨਸ਼ਾ ਤਸਕਰਾਂ ਦੇ ਨਾਲ ਹਨ ਜਾਂ ਉਨ੍ਹਾਂ ਦੇ ਵਿਰੁੱਧ।


ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਆਗੂਆਂ ਨੇ ਧਰਮ ਨੂੰ ਵੀ ਨਹੀਂ ਬਖਸ਼ਿਆ ਅਤੇ ਆਪਣੇ ਨਿੱਜੀ ਹਿੱਤਾਂ ਲਈ ਪੈਸਾ ਲੁੱਟਿਆ। ਉਨ੍ਹਾਂ ਇਹ ਵੀ ਕਿਹਾ ਕਿ ਸੁਖਬੀਰ ਨੂੰ ਨਾ ਤਾਂ ਪੰਜਾਬ ਦੇ ਸੱਭਿਆਚਾਰ, ਭੂਗੋਲ, ਧਰਮ ਦਾ ਗਿਆਨ ਹੈ ਅਤੇ ਨਾ ਹੀ ਮੁੱਢਲੀ ਪੰਜਾਬੀ ਭਾਸ਼ਾ ਬਾਰੇ ਪਤਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਦਾ ਪੁੱਤਰ ਸੂਬੇ ਵਿੱਚ ਸੱਤਾ ਹਥਿਆਉਣ ਲਈ ਕਾਹਲਾ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਪਹਿਲਾਂ ਹੀ ਭਵਿੱਖਬਾਣੀ ਕੀਤੀ ਸੀ ਕਿ ਅਕਾਲੀ ਦਲ 1920 ਵਿੱਚ ਬਣਿਆ ਸੀ ਅਤੇ 2019 ਵਿੱਚ ਖ਼ਤਮ ਹੋ ਜਾਵੇਗਾ।

# ਹਾਈ ਕੋਰਟ ਵੱਲੋਂ ਜਗਰਾਉਂ ਦੇ SSP ਨੂੰ 20,000 ਰੁਪਏ ਦਾ ਜੁਰਮਾਨਾ, ਨਿੱਜੀ ਤੌਰ 'ਤੇ ਪੇਸ਼ ਹੋਣ ਦਾ ਹੁਕਮ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 11 ਅਗਸਤ
INTERNATIONAL PAPER, 94636 01616
hardipchumber57@gmail.com

ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਲੁਧਿਆਣਾ ਜ਼ਿਲ੍ਹੇ ਵਿੱਚ ਜਗਰਾਉਂ ਦੇ ਐਸਐਸਪੀ ਡਾ. ਅੰਕੁਰ ਗੁਪਤਾ ਨੂੰ 20,000 ਰੁਪਏ ਦਾ ਜੁਰਮਾਨਾ ਲਗਾਇਆ ਹੈ। ਉਨ੍ਹਾਂ ਨੂੰ 18 ਅਗਸਤ ਨੂੰ ਨਿੱਜੀ ਤੌਰ 'ਤੇ ਪੇਸ਼ ਹੋਣ ਦਾ ਹੁਕਮ ਵੀ ਦਿੱਤਾ ਗਿਆ ਹੈ।

ਪੀੜਤ ਸੁਖਦੇਵ ਸਿੰਘ ਉਰਫ਼ ਹੈਪੀ, ਵਾਸੀ ਮੰਡੀ ਮੁੱਲਾਂਪੁਰ ਨੇ ਕਿਹਾ ਕਿ ਉਹ 2016 ਤੋਂ ਇੱਕ ਮਾਮਲੇ ਵਿੱਚ ਇਨਸਾਫ਼ ਲੈਣ ਲਈ ਪੁਲਿਸ ਪ੍ਰਸ਼ਾਸਨ ਦੇ ਚੱਕਰ ਲਗਾ ਰਿਹਾ ਹੈ, ਪਰ ਜਦੋਂ ਉਸਨੂੰ ਇਨਸਾਫ਼ ਨਹੀਂ ਮਿਲਿਆ ਤਾਂ ਉਸਨੇ ਮਾਣਯੋਗ ਹਾਈ ਕੋਰਟ ਦਾ ਸਹਾਰਾ ਲਿਆ।




ਉਨ੍ਹਾਂ ਦੱਸਿਆ ਕਿ ਹਾਈ ਕੋਰਟ ਨੇ ਉਨ੍ਹਾਂ ਦੇ ਕੇਸ ਨੂੰ ਗੰਭੀਰਤਾ ਨਾਲ ਲਿਆ ਅਤੇ ਜਦੋਂ ਇਸਦੀ ਜਾਂਚ ਕੀਤੀ ਗਈ ਤਾਂ ਪੁਲਿਸ ਅਧਿਕਾਰੀਆਂ ਦੀ ਡਿਊਟੀ ਵਿੱਚ ਲਾਪਰਵਾਹੀ ਸਾਹਮਣੇ ਆਈ, ਕਿਉਂਕਿ ਉਨ੍ਹਾਂ ਨੇ ਪੁਲਿਸ ਮੁਖੀ ਨਵਨੀਤ ਸਿੰਘ ਬੈਂਸ, ਜਸਜੋਤ ਸਿੰਘ ਡੀਐਸਪੀ, ਪੁਲਿਸ ਸੁਪਰਡੈਂਟ ਗੁਰਦੀਪ ਸਿੰਘ ਗੋਸਲ ਅਤੇ ਇੰਸਪੈਕਟਰ ਜਸਵੀਰ ਸਿੰਘ ਵਿਰੁੱਧ ਹਾਈ ਕੋਰਟ ਵਿੱਚ ਸ਼ਿਕਾਇਤ ਦਰਜ ਕਰਵਾਈ ਸੀ, ਜਿਸ 'ਤੇ 29 ਜੁਲਾਈ, ਨੂੰ ਮਾਣਯੋਗ ਅਦਾਲਤ ਅਲਕਾ ਸਰੀਨ ਨੇ ਪੁਲਿਸ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਅਤੇ ਪੁਲਿਸ ਮੁਖੀ ਜਗਰਾਉਂ ਡਾ. ਅੰਕੁਰ ਗੁਪਤਾ ਆਈਪੀਐਸ ਤੋਂ ਮਾਮਲੇ ਦੀ ਨਵੀਂ ਰਿਪੋਰਟ ਮੰਗੀ।

ਪੁਲਿਸ ਵੱਲੋਂ ਕਾਰਵਾਈ ਨਾ ਕਰਨ ਕਾਰਨ, ਅਦਾਲਤ ਨੇ ਐਸਐਸਪੀ ਜਗਰਾਉਂ 'ਤੇ 20,000 ਰੁਪਏ ਦਾ ਜੁਰਮਾਨਾ ਲਗਾਇਆ ਅਤੇ 18 ਅਗਸਤ, 2025 ਨੂੰ ਨਿੱਜੀ ਤੌਰ 'ਤੇ ਅਦਾਲਤ ਵਿੱਚ ਪੇਸ਼ ਹੋਣ ਦਾ ਹੁਕਮ ਵੀ ਜਾਰੀ ਕੀਤਾ।

# ਜਿਲ੍ਹਾ ਚੋਣ ਤਹਿਸੀਲਦਾਰ ਵੱਲੋਂ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 11 ਅਗਸਤ
INTERNATIONAL PAPER, 94636 01616
hardipchumber57@gmail.com

ਮੁੱਖ ਚੋਣ ਅਫਸਰ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਜਿਲ੍ਹਾ ਚੋਣ ਤਹਿਸੀਲਦਾਰ ਸ੍ਰੀ ਭੂਸ਼ਣ ਕੁਮਾਰ ਵੱਲੋਂ ਜਿਲ੍ਹੇ ਦੀਆਂ ਸਮੂਹ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਨਾਲ ਪੋਲਿੰਗ ਸਟੇਸ਼ਨਾਂ ਉੱਪਰ ਬੂਥ ਲੈਵਲ ਏਜੰਟਾਂ ਦੀ ਨਿਯੁਕਤੀ ਸਬੰਧੀ ਮੀਟਿੰਗ ਕੀਤੀ ਗਈ।

ਮੀਟਿੰਗ ਵਿੱਚ ਜਿਲ੍ਹਾ ਚੋਣ ਤਹਿਸੀਲਦਾਰ ਸ੍ਰੀ ਭੂਸ਼ਣ ਕੁਮਾਰ ਵੱਲੋਂ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਬੀ.ਐਲ.ਏ ਲਗਾਉਣ ਸਬੰਧੀ ਭਾਰਤ ਚੋਣ ਕਮਿਸ਼ਨ ਵੱਲੋਂ ਜਾਰੀ ਹਦਾਇਤਾਂ ਅਤੇ ਬੀ.ਐਲ.ਏ



-1 ਅਤੇ ਸੋਧੇ ਹੋਏ ਬੀ.ਐਲ.ਏ-2 ਫਾਰਮਾਂ ਤੋਂ ਜਾਣੂ ਕਰਵਾ ਕੇ ਬੀ.ਐਲ.ਏਜ਼ ਨਿਯੁਕਤ ਕਰਨ ਦੀ ਅਪੀਲ ਕੀਤੀ ਗਈ। ਉਨ੍ਹਾਂ ਸਮੂਹ ਨੁਮਾਇੰਦਿਆਂ ਨੂੰ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਵੱਲੋਂ ਜਲਦ ਹੀ ਸਪੈਸ਼ਲ ਇੰਨਟੈਨਸਿਵ ਰਵੀਜ਼ਨ ਕਰਵਾਉਣ ਦੀ ਸੰਭਾਵਨਾ ਹੈ ਅਤੇ ਇਹ ਵੀ ਦੱਸਿਆ ਕਿ ਸਪੈਸ਼ਲ ਇੰਨਟੈਨਸਿਵ ਰਵੀਜ਼ਨ ਦੌਰਾਨ ਰਾਜਨੀਤਿਕ ਪਾਰਟੀਆਂ ਦੇ ਬੀ.ਐਲ.ਓ ਕਿਸ ਤਰ੍ਹਾਂ ਬੂਥ ਲੈਵਲ ਅਫਸਰਾਂ ਨਾਲ ਮਿਲ ਕੇ ਵੋਟਰ ਸੂਚੀ ਨੂੰ ਸਹੀ ਅਤੇ ਦਰੁਸਤ ਬਣਾਉਣ ਵਿੱਚ ਸਹਾਇਤਾ ਕਰ ਸਕਦੇ ਹਨ।

ਉਨ੍ਹਾਂ ਸਮੂਹ ਨੁਮਾਇੰਦਿਆਂ ਨੂੰ ਦੱਸਿਆ ਕਿ ਭਾਰਤ ਚੋਣ ਕਮਿਸ਼ਨਰ ਨਿਯਮਾਂ ਅਤੇ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਪਾਰਦਰਸ਼ਤਾ ਅਤੇ ਨਿਰਪੱਖ ਢੰਗ ਨਾਲ ਚੋਣਾਂ ਕਰਵਾਉਣ ਲਈ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਕੋਈ ਵੀ ਸ਼ਿਕਾਇਤ ਅਤੇ ਜਾਣਕਾਰੀ ਲਈ ਜਿਲ੍ਹਾ ਚੋਣ ਦਫਤਰ ਦੇ ਟੋਲ ਫਰੀ ਨੰਬਰ 1950 ਤੇ ਦਫਤਰ ਸਮੇਂ ਦੌਰਾਨ ਸੰਪਰਕ ਕੀਤਾ ਜਾ ਸਕਦਾ ਹੈ।

ਮੀਟਿੰਗ ਵਿੱਚ ਸ਼ਾਮਲ ਹੋਏ ਸਮੂਹ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਵੱਲੋਂ ਜਲਦ ਹੀ ਆਪਣੀ ਪਾਰਟੀ ਦੇ ਬੀ.ਐਲ.ਓ ਨਿਯੁਕਤ ਕਰਕੇ ਸੂਚਨਾ ਸਾਂਝੀ ਕਰਨ ਦਾ ਭਰੋਸਾ ਦਿੱਤਾ।

ਇਸ ਮੌਕੇ ਇੰਡੀਅਨ ਨੈਸ਼ਨਲ ਕਾਂਗਰਸ ਤੋਂ ਸ੍ਰੀ ਚਰਨਜੀਤ ਸਿੰਘ, ਆਮ ਆਦਮੀ ਪਾਰਟੀ ਤੋਂ ਸ੍ਰੀ ਅਮਰਜੀਤ ਸਿੰਘ, ਭਾਰਤੀ ਜਨਤਾ ਪਾਰਟੀ ਤੋਂ ਸ੍ਰੀ ਪ੍ਰੇਮ ਸੁਖੀਜਾ, ਕਮਿਊਨਿਸਟ ਪਾਰਟੀ ਆਫ ਇੰਡੀਆ ਤੋਂ ਸ੍ਰੀ ਠਾਕਰ ਸਿੰਘ ਅਤੇ ਬਹੁਜਨ ਸਮਾਜ ਪਾਰਟੀ ਤੋਂ ਸ੍ਰੀ ਗੁਰਜੰਟ ਸਿੰਘ ਹਾਜ਼ਰ ਸਨ।

# ਵਿਜੀਲੈਂਸ ਬਿਊਰੋ ਨੇ ਜੁਲਾਈ ਮਹੀਨੇ 'ਚ 10 ਰਿਸ਼ਵਤਖੋਰ ਸਰਕਾਰੀ ਮੁਲਾਜ਼ਮਾਂ ਨੂੰ ਰੰਗੇ ਹੱਥੀਂ ਫੜ੍ਹਿਆ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 11 ਅਗਸਤ
INTERNATIONAL PAPER, 94636 01616
hardipchumber57@gmail.com

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਜਾਰੀ ਆਪਣੀ ਮੁਹਿੰਮ ਦੌਰਾਨ ਜੁਲਾਈ ਮਹੀਨੇ ਦੌਰਾਨ ਅੱਠ ਵੱਖ-ਵੱਖ ਕੇਸਾਂ ਵਿੱਚ 10 ਸਰਕਾਰੀ ਮੁਲਾਜ਼ਮਾਂ/ਕਰਮਚਾਰੀਆਂ ਨੂੰ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।

ਅੱਜ ਇੱਥੇ ਇਸ ਬਾਰੇ ਜਾਣਕਾਰੀ ਦਿੰਦਿਆਂ ਪੰਜਾਬ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਵਿਜੀਲੈਂਸ ਬਿਊਰੋ ਵੱਲੋਂ ਸਰਕਾਰੀ ਮੁਲਾਜ਼ਮਾਂ ਦਰਮਿਆਨ ਅਤੇ ਹਰ ਖੇਤਰ ਵਿੱਚ ਭ੍ਰਿਸ਼ਟਾਚਾਰ ਨੂੰ ਨੱਥ ਪਾਉਣ ਲਈ ਸਰਗਰਮੀ ਨਾਲ ਸਿਰਤੋੜ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ।

ਉਨ੍ਹਾਂ ਦੱਸਿਆ ਕਿ ਬਿਊਰੋ ਨੇ ਪਿਛਲੇ ਮਹੀਨੇ ਵੱਖ-ਵੱਖ ਅਦਾਲਤਾਂ ਵਿੱਚ 28 ਵਿਜੀਲੈਂਸ ਕੇਸਾਂ ਨਾਲ ਸਬੰਧਤ ਚਲਾਨ ਪੇਸ਼ ਕੀਤੇ ਸਨ। ਇਸ ਤੋਂ ਇਲਾਵਾ ਭ੍ਰਿਸ਼ਟਾਚਾਰ ਦੇ ਕੇਸਾਂ ਦੀ ਡੂੰਘਾਈ ਨਾਲ ਜਾਂਚ ਕਰਨ ਲਈ 6 ਵਿਜੀਲੈਂਸ ਪੜਤਾਲਾਂ ਵੀ ਦਰਜ ਕੀਤੀਆਂ ਗਈਆਂ ਹਨ। ਉਨ੍ਹਾਂ ਅੱਗੇ ਕਿਹਾ ਕਿ 13 ਵਿਅਕਤੀਆਂ ਵਿਰੁੱਧ 8 ਅਪਰਾਧਕ ਮਾਮਲੇ ਵੀ ਦਰਜ ਕੀਤੇ ਗਏ ਹਨ ਜਿਨ੍ਹਾਂ ਵਿੱਚ 9 ਸਰਕਾਰੀ ਮੁਲਾਜ਼ਮ ਸ਼ਾਮਲ ਹਨ।

ਹੋਰ ਵੇਰਵੇ ਦਿੰਦਿਆਂ ਉਨ੍ਹਾਂ ਅੱਗੇ ਕਿਹਾ ਕਿ ਵੱਖ-ਵੱਖ ਅਦਾਲਤਾਂ ਨੇ ਪਿਛਲੇ ਮਹੀਨੇ ਦੌਰਾਨ ਵਿਜਲੈਂਸ ਬਿਊਰੋ ਵੱਲੋਂ ਦਾਇਰ ਕੀਤੇ ਗਏ ਪੰਜ ਰਿਸ਼ਵਤਖੋਰੀ ਦੇ ਮਾਮਲਿਆਂ 'ਚ ਫੈਸਲਾ ਸੁਣਾਇਆ ਹੈ, ਜਿਸ ਵਿੱਚ ਸੱਤ ਵਿਅਕਤੀਆਂ ਨੂੰ ਦੋਸ਼ੀ ਠਹਿਰਾਉਂਦਿਆਂ ਦੋ ਸਾਲ ਤੋਂ ਪੰਜ ਸਾਲ ਦੀ ਕੈਦ ਦੇ ਨਾਲ 10,000 ਰੁਪਏ ਤੋਂ 1,00,000ਰੁਪਏ ਤੱਕ ਦੇ ਜੁਰਮਾਨੇ ਲਾਏ ਗਏ ਹਨ।

# ਬਹੁਜਨ ਸਮਾਜ ਪਾਰਟੀ ਦੀ ਜ਼ੀਰਕਪੁਰ ਇਕਾਈ ਨੇ ਮੀਟਿੰਗ ਕੀਤੀ

## ਬਸਪਾ ਕੇਡਰ ਨੂੰ ਮਜ਼ਬੂਤ ਕਰਨ ਲਈ ਬੀ.ਵੀ.ਐਫ. ਦਾ ਗਠਨ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 11 ਅਗਸਤ
INTERNATIONAL PAPER, 94636 01616
hardipchumber57@gmail.com

ਅੱਜ ਬਹੁਜਨ ਸਮਾਜ ਪਾਰਟੀ ਜ਼ੀਰਕਪੁਰ ਇਕਾਈ ਨੇ ਬਲਟਾਣਾ ਵਿੱਚ ਇੱਕ ਮੀਟਿੰਗ ਕੀਤੀ। ਜਿਸ ਵਿੱਚ ਸਮੁੱਚੇ ਪਾਰਟੀ ਸੰਗਠਨ ਨਾਲ ਇੱਕ ਮੀਟਿੰਗ ਕੀਤੀ ਗਈ। ਬਹੁਜਨ ਸਮਾਜ ਪਾਰਟੀ ਦੀ ਜ਼ੀਰਕਪੁਰ ਇਕਾਈ ਨੇ ਸਮਾਜ ਵਿੱਚ ਹੋ ਰਹੇ ਅੱਤਿਆਚਾਰਾਂ ਸਬੰਧੀ ਇੱਕ ਮੀਟਿੰਗ ਕੀਤੀ।

ਸਮੁੱਚੇ ਪਾਰਟੀ ਸੰਗਠਨ ਨਾਲ ਮੀਟਿੰਗ ਕੀਤੀ ਗਈ। ਸਮਾਜ ਦੇ ਅੰਦਰ ਹੋ ਰਹੇ ਅੱਤਿਆਚਾਰਾਂ ਕਾਰਨ ਬਹੁਜਨ ਸਮਾਜ ਨੂੰ ਬਹੁਤ ਸਾਰੀਆਂ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਕਾਰਨ ਸਮਾਜ ਵਿੱਚ ਅਗਿਆਨਤਾ ਦਾ ਮਾਹੌਲ ਬਣ ਗਿਆ ਹੈ। ਪੰਜਾਬ ਵਿੱਚ ਬਸਪਾ ਮੁਖੀ ਸ. ਅਵਤਾਰ ਸਿੰਘ ਕਰੀਮਪੁਰੀ ਜੀ ਨੇ ਇਸ ਸਬੰਧ ਵਿੱਚ ਪੰਜਾਬ ਸੰਭਾਲ ਅਭਿਆਨ ਸ਼ੁਰੂ ਕੀਤਾ ਹੈ। ਪੰਜਾਬ ਵਿੱਚ




ਨਸ਼ਾਖੋਰੀ, ਬੇਰੁਜ਼ਗਾਰੀ, ਬੈਂਕ ਕਰਜ਼ੇ, ਸਰਕਾਰ 'ਤੇ ਕਰਜ਼ਾ, ਆਮ ਆਦਮੀ ਪਾਰਟੀ ਦੀਆਂ ਲੋਕ ਵਿਰੋਧੀ ਨੀਤੀਆਂ, ਕਿਸਾਨਾਂ ਲਈ ਗਲਤ ਜ਼ਮੀਨੀ ਨੀਤੀਆਂ, ਲੋਕਾਂ ਨੂੰ ਲਾਲ ਲਕੀਰ ਦੀਆਂ ਰਜਿਸਟਰੀਆਂ ਨਾ ਦੇਣਾ, ਸਰਕਾਰ ਵੱਲੋਂ ਨਿੱਜੀ ਖੇਤਰ ਨੂੰ ਉਤਸ਼ਾਹਿਤ ਕਰਨਾ, ਚੌਥੀ ਜਮਾਤ ਦੀਆਂ ਨੌਕਰੀਆਂ ਖਤਮ ਕਰਨਾ, ਸਕੂਲ ਬੰਦ ਕਰਨਾ, ਬਿਜਲੀ ਸਪਲਾਈ ਨੂੰ ਪੁਰਾਣਾ ਬਣਾਉਣਾ, ਪੰਜਾਬ ਦੀਆਂ ਔਰਤਾਂ ਨੂੰ ਵੋਟਾਂ ਹਾਸਲ ਕਰਨ ਲਈ ਪੈਸੇ ਨਾਲ ਭਰਮਾਉਣਾ, ਪੂੰਜੀਪਤੀਆਂ ਨੂੰ ਅਮੀਰ ਬਣਾਉਣਾ ਅਤੇ ਤਹਿਸੀਲ ਦਫ਼ਤਰਾਂ ਤੋਂ ਪ੍ਰਾਈਵੇਟ ਨੌਕਰੀਆਂ ਖੋਹਣਾ ਹੁਣ ਮੁੱਖ ਮੁੱਦੇ ਹਨ। ਬਸਪਾ ਯੂਥ ਆਗੂ ਜਸਵਿੰਦਰ ਸਿੰਘ ਮੋਹਾਲੀ ਨੇ ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਉਨ੍ਹਾਂ ਨੇ ਸਾਹਿਬ ਸ਼੍ਰੀ ਕਾਸ਼ੀਰਾਮ ਅਤੇ ਭੈਣ ਕੁਮਾਰੀ ਮਾਇਆਵਤੀ ਦੇ ਰਾਜ ਬਾਰੇ ਦੱਸਿਆ ਅਤੇ ਉਨ੍ਹਾਂ ਨੇ ਸ਼੍ਰੀ ਆਕਾਸ਼ ਆਨੰਦ, ਰਾਸ਼ਟਰੀ ਮੁੱਖ ਸੰਯੋਜਕ ਬਾਰੇ ਵੀ ਦੱਸਿਆ, ਜੋ ਨਵੇਂ ਯੁੱਗ ਦਾ ਅਧਿਆਇ ਲਿਖਣ ਜਾ ਰਹੇ ਹਨ, ਜੋ ਕਿ ਨੌਜਵਾਨ ਆਗੂਆਂ ਦੇ ਦਿਲ ਦੀ ਧੜਕਣ ਹਨ ਅਤੇ ਸ਼੍ਰੀ ਕਾਂਸ਼ੀ ਰਾਮ ਜੀ ਦੇ ਮਿਸ਼ਨ ਅਤੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੀ ਵਿਚਾਰਧਾਰਾ ਨੂੰ ਜਨਤਾ ਤੱਕ ਫੈਲਾਉਣ ਲਈ ਕੰਮ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਬਸਪਾ ਜ਼ੀਰਕਪੁਰ ਵਿੱਚ ਆਪਣੇ ਕੇਂਦਰੀ ਕੇਡਰ ਨੂੰ ਮਜ਼ਬੂਤ ਕਰੇਗੀ ਅਤੇ ਸਮਾਜ ਵਿੱਚ ਹੋ ਰਹੇ ਅੱਤਿਆਚਾਰਾਂ ਨੂੰ ਘਟਾਉਣ ਲਈ ਲੋਕਾਂ ਦਾ ਵਿਸ਼ਵਾਸ ਜਿੱਤੇਗੀ ਅਤੇ ਇਸ ਦੌਰਾਨ ਇੱਕ ਸਮੀਖਿਆ ਕੀਤੀ ਗਈ ਅਤੇ ਜ਼ਿਲ੍ਹਾ ਮੁਖੀ ਦੀ ਅਗਵਾਈ ਹੇਠ ਅਗਲੀ ਮੀਟਿੰਗ ਵਿੱਚ ਵਾਰਡ ਪ੍ਰਧਾਨਾਂ ਦੀ ਨਿਯੁਕਤੀ ਦਾ ਕੰਮ ਕੀਤਾ ਗਿਆ।ਇਸ ਮੌਕੇ 'ਤੇ ਸ਼੍ਰੀ ਰਾਮ ਕੁਮਾਰ ਨਾਫਰਾ, ਪ੍ਰਧਾਨ, ਬਸਪਾ, ਜ਼ੀਰਕਪੁਰ ਨੇ ਸਾਰਿਆਂ ਦਾ ਧੰਨਵਾਦ ਕੀਤਾ ਅਤੇ ਸਾਰਿਆਂ ਨੂੰ ਪਾਰਟੀ ਨੂੰ ਮਜ਼ਬੂਤ ਕਰਨ ਲਈ ਆਪਣੇ ਵਿਚਾਰ ਪੇਸ਼ ਕਰਨ ਲਈ ਕਿਹਾ ਅਤੇ ਇਸ ਮੌਕੇ 'ਤੇ ਸ਼੍ਰੀ ਧਰਮ ਪਾਲ, ਜਨਰਲ ਸਕੱਤਰ, ਬਸਪਾ, ਜ਼ੀਰਕਪੁਰ, ਸ਼੍ਰੀ ਕੈਲਾਸ਼ ਕੁਮਾਰ ਸਕੱਤਰ, ਬਸਪਾ, ਜ਼ੀਰਕਪੁਰ, ਰਾਮ ਬ੍ਰਿਜ, ਰਾਮ ਬਾਬੂ, ਮੀਟਿੰਗ ਵਿੱਚ ਪਰਮ ਸਿੰਘ, ਸੁਖਵਿੰਦਰ ਸਿੰਘ ਲੋਹਗੜ੍ਹ, ਸਰਫਰਾਜ਼, ਵਿੱਕੀ, ਇਮਰਾਨ ਖਾਨ, ਪਰਵਿੰਦਰ ਸਿੰਘ, ਰਾਮਪਾਲ ਨਫਰਾ, ਪ੍ਰਮੋਦ ਕੁਮਾਰ, ਬਾਬੂਰਾਮ, ਫੂਨ ਬਦਨ, ਪੱਪੂ ਅਤੇ ਹੋਰ ਨੌਜਵਾਨ ਆਗੂ ਹਾਜ਼ਰ ਹੋਏ।

# 1,00,000 ਰੁਪਏ ਰਿਸ਼ਵਤ ਮੰਗਣ ਦੇ ਦੋਸ਼ ਹੇਠ ASI ਵਿਜੀਲੈਂਸ ਬਿਊਰੋ ਵੱਲੋਂ ਗ੍ਰਿਫ਼ਤਾਰ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 11 ਅਗਸਤ
INTERNATIONAL PAPER, 94636 01616
hardipchumber57@gmail.com

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ ਅੱਜ ਥਾਣਾ ਇਸਲਾਮਾਬਾਦ, ਅੰਮ੍ਰਿਤਸਰ ਵਿਖੇ ਤਾਇਨਾਤ ਏ.ਐਸ.ਆਈ. ਸਤਨਾਮ ਸਿੰਘ ਨੂੰ ਰਿਸ਼ਵਤ ਦੀ ਪਹਿਲੀ ਕਿਸ਼ਤ ਵਜੋਂ 20,000 ਰੁਪਏ ਲੈਂਦਿਆਂ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਅੱਜ ਇੱਥੇ ਵਿਜੀਲੈਂਸ ਬਿਊਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਮੁਲਜ਼ਮ ਨੇ ਸ਼ਿਕਾਇਤਕਰਤਾ ਇੰਦਰਜੀਤ ਸਿੰਘ ਵਾਸੀ ਭਾਈ ਮੰਜ ਰੋਡ, ਅੰਮ੍ਰਿਤਸਰ ਤੋਂ ਰਿਸ਼ਵਤ ਦੀ ਮੰਗ ਕੀਤੀ। ਸ਼ਿਕਾਇਤਕਰਤਾ ਇੰਦਰਜੀਤ ਸਿੰਘ ਨੇ ਦੱਸਿਆ ਕਿ ਉਸਦਾ ਕਰੀਬੀ ਦੋਸਤ ਪਾਰਸ ਮਹਿਤਾ ਇੱਕ ਵਿੱਤੀ ਸਲਾਹਕਾਰ ਹੈ ਅਤੇ ਉਸਨੇ ਸੁਨੀਲ ਕੁਮਾਰ ਨਾਮੀ ਵਿਅਕਤੀ ਦੇ ਪੈਸੇ ਸ਼ੇਅਰ ਮਾਰਕੀਟ ਵਿੱਚ ਨਿਵੇਸ਼ ਕੀਤੇ। ਸ਼ੇਅਰ ਮਾਰਕੀਟ ਘਾਟੇ ਵਿੱਚ ਚਲੀ ਗਈ ਅਤੇ



ਇਸ ਨਾਲ ਸੁਨੀਲ ਕੁਮਾਰ ਨੂੰ 2,00,000 ਰੁਪਏ ਦਾ ਨੁਕਸਾਨ ਹੋਇਆ। ਇਸ ਸਬੰਧੀ, ਸੁਨੀਲ ਕੁਮਾਰ ਨੇ ਉਸਨੂੰ ਆਪਣੇ ਘਰ ਬੁਲਾਇਆ ਜਿੱਥੇ ਸੁਨੀਲ ਕੁਮਾਰ ਅਤੇ ਉਸਦੇ ਦੋਸਤਾਂ ਨੇ ਉਸ ਤੋਂ ਚਾਰ ਖਾਲੀ ਚੈੱਕਾਂ 'ਤੇ ਦਸਤਖਤ ਕਰਵਾਏ ਅਤੇ ਉਸ ਤੋਂ 600,000/- ਰੁਪਏ ਦਾ ਹਲਫਨਾਮਾ ਵੀ ਲਿਆ ਅਤੇ ਬਾਅਦ ਵਿੱਚ ਉਸ ਵਿਰੁੱਧ ਪੁਲਿਸ ਸਟੇਸ਼ਨ ਇਸਲਾਮਾਬਾਦ ਵਿੱਚ ਧੋਖਾਧੜੀ ਦੀ ਸ਼ਿਕਾਇਤ ਦਰਜ ਕਰਵਾਈ। ਉਨ੍ਹਾਂ ਦੱਸਿਆ ਕਿ ਇਸ ਉਪਰੰਤ ਪਾਰਸ ਮਹਿਤਾ ਨੇ ਸੁਨੀਲ ਕੁਮਾਰ ਵਿਰੁੱਧ ਕਮਿਸ਼ਨਰੇਟ ਅੰਮ੍ਰਿਤਸਰ ਵਿਖੇ ਸ਼ਿਕਾਇਤ ਦਰਜ ਕਰਵਾਈ।

ਸੁਨੀਲ ਕੁਮਾਰ ਵੱਲੋਂ ਦਾਇਰ ਕੀਤੀ ਗਈ ਸ਼ਿਕਾਇਤ ਨੂੰ ਤਸਦੀਕ ਲਈ ਏ.ਐਸ.ਆਈ. ਸਤਨਾਮ ਸਿੰਘ ਨੂੰ ਮਾਰਕ ਕੀਤਾ ਗਿਆ। ਇਸ ਉਪਰੰਤ ਏ.ਐਸ.ਆਈ. ਨੇ ਪਾਰਸ ਮਹਿਤਾ ਨਾਲ ਸੰਪਰਕ ਕੀਤਾ ਅਤੇ ਕਿਹਾ ਕਿ ਉਹ ਸ਼ਿਕਾਇਤ ਉਸ ਨੂੰ ਮਾਰਕ ਕਰ ਦੇਣਗੇ ਅਤੇ ਇਸ ਕੇਸ ਦੇ ਨਿਪਟਾਰੇ ਲਈ 1,00,000 ਰੁਪਏ ਰਿਸ਼ਵਤ ਦੀ ਮੰਗ ਕੀਤੀ। ਏ.ਐਸ.ਆਈ. ਸਤਨਾਮ ਸਿੰਘ ਨੇ ਮੰਗ ਕੀਤੀ ਕਿ ਰਿਸ਼ਵਤ ਦੀ ਪਹਿਲੀ ਕਿਸ਼ਤ ਵਜੋਂ 20,000 ਰੁਪਏ ਉਨ੍ਹਾਂ ਨੂੰ ਤੁਰੰਤ ਦਿੱਤੇ ਜਾਣ। ਸ਼ਿਕਾਇਤਕਰਤਾ ਆਪਣੇ ਦੋਸਤ ਦੇ ਸਹੀ ਅਤੇ ਵਾਜਬ ਕੰਮ ਲਈ ਰਿਸ਼ਵਤ ਨਹੀਂ ਦੇਣਾ ਚਾਹੁੰਦਾ ਸੀ। ਇਸ ਲਈ, ਵਿਜੀਲੈਂਸ ਬਿਊਰੋ ਵੱਲੋਂ ਅਜਿਹੇ ਭ੍ਰਿਸ਼ਟ ਅਧਿਕਾਰੀ ਨੂੰ ਕਾਬੂ ਕਰਵਾਉਣ ਲਈ, ਸ਼ਿਕਾਇਤਕਰਤਾ ਇੰਦਰਜੀਤ ਸਿੰਘ ਨੇ ਆਪਣੇ ਦੋਸਤ ਪਾਰਸ ਮਹਿਤਾ ਨਾਲ ਮਿਲ ਕੇ ਡੀ.ਐਸ.ਪੀ. ਵਿਜੀਲੈਂਸ ਬਿਊਰੋ ਯੂਨਿਟ ਅੰਮ੍ਰਿਤਸਰ ਕੋਲ ਇਸ ਮਾਮਲੇ ਦੀ ਰਿਪੋਰਟ ਕੀਤੀ।

ਵਿਜੀਲੈਂਸ ਬਿਊਰੋ, ਯੂਨਿਟ ਅੰਮ੍ਰਿਤਸਰ ਵਿਖੇ ਸ਼ਿਕਾਇਤਕਰਤਾ ਦਾ ਬਿਆਨ ਦਰਜ ਕੀਤਾ ਗਿਆ। ਇਸ ਉਪਰੰਤ ਮੁਲਜ਼ਮ ਨੂੰ ਸਰਕਾਰੀ ਗਵਾਹ ਦੀ ਹਾਜ਼ਰੀ ਵਿੱਚ ਰਿਸ਼ਵਤ ਦੀ ਪਹਿਲੀ ਕਿਸ਼ਤ ਵਜੋਂ 20,000 ਰੁਪਏ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ ਅਤੇ ਉਕਤ ਮੁਲਜ਼ਮ ਏ.ਐਸ.ਆਈ. ਵਿਰੁੱਧ ਪੀ.ਸੀ. (ਸੋਧ) ਐਕਟ, 2018 ਰਾਹੀਂ ਸੋਧ ਕੀਤੀ ਧਾਰਾ 7 ਪੀ.ਸੀ. ਐਕਟ 1988 ਤਹਿਤ ਥਾਣਾ ਵਿਜੀਲੈਂਸ ਬਿਊਰੋ, ਰੇਂਜ ਅੰਮ੍ਰਿਤਸਰ ਵਿਖੇ ਕੇਸ ਦਰਜ ਕੀਤਾ ਗਿਆ। ਇਸ ਮਾਮਲੇ ਦੀ ਜਾਂਚ ਜਾਰੀ ਹੈ। ਮੁਲਜ਼ਮ ਏ.ਐਸ.ਆਈ. ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ।

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 11 ਅਗਸਤ
INTERNATIONAL PAPER, 94636 01616
hardipchumber57@gmail.com

# ਸਾਡੀ ਆਜ਼ਾਦੀ ਦੀ ਲੜਾਈ ਹਾਲੇ ਬਾਕੀ ਹੈ- ਬਾਬਾ ਸਾਹਿਬ

**ਬਾਬਾ ਸਾਹਿਬ ਕਹਿੰਦੇ ਹਨ**

ਇੰਜੀ. ਹਰਦੀਪ ਸਿੰਘ ਚੁੰਬਰ

**1935 ਦੇ ਐਕਟ ਦੇ ਲਾਗੂ ਹੋਣ ਤੋਂ ਬਾਅਦ, ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ ਨੇ 1937 ਵਿੱਚ ਭਾਰਤ ਦੇ ਅੱਧੇ ਰਾਜਾਂ ਵਿੱਚ ਸਰਕਾਰਾਂ ਬਣਾਈਆਂ ਅਤੇ ਚਤਰਵਰਨ ਦੇ ਹਿੰਦੂ ਲੋਕਾਂ ਨੇ 7 ਰਾਜਾਂ ਦੇ ਬ੍ਰਾਹਮਣ ਮੁੱਖ ਮੰਤਰੀ ਬਣਾਏ ਅਤੇ ਮੰਤਰੀ, ਵਿਧਾਇਕ ਬਣੇ ਅਤੇ ਸੰਸਦ ਮੈਂਬਰ ਆਦਿ ਵੀ ਬਣਨ ਲੱਗੇ। ਹੁਣ ਸ਼ਾਸਨ, ਪ੍ਰਸ਼ਾਸਨ ਦਾ ਪ੍ਰਬੰਧ ਭਾਰਤ ਚਤਰਵਰਨ ਦੇ ਲੋਕਾਂ ਦੇ ਹੱਥਾਂ ਵਿੱਚ ਸੀ, ਫਿਰ ਵੀ ਇਹ ਲੋਕ ਆਪਣੇ ਆਪ ਨੂੰ ਅੰਗਰੇਜ਼ਾਂ ਦਾ ਗੁਲਾਮ ਮੰਨਦੇ ਸਨ। 1947 ਵਿੱਚ ਸੱਤਾ ਬਦਲਣ ਤੋਂ ਬਾਅਦ, ਅਨੁਸੂਚਿਤ ਵਰਗ ਨੂੰ ਲਗਭਗ ਉਹ ਜਿਹੇ ਅਧਿਕਾਰਾਂ ਦੀ ਪ੍ਰਾਪਤੀ ਦਾ ਕੁੱਝ ਲਾਭ ਹੋਇਆ ਜਿਹੋ ਜਿਹਾ ਲਾਭ ਬ੍ਰਿਟਿਸ਼ ਸ਼ਾਸਨ ਕਾਲ ਦੌਰਾਨ ਚਤਰਵਰਨ ਦੇ ਹਿੰਦੂ ਲੋਕਾਂ ਨੂੰ ਹਾਸਲ ਹੋਇਆ ਸੀ। ਮੌਜੂਦਾ ਸਮੇਂ ਵੀ ਅਨੁਸੂਚਿਤ ਵਰਗ ਦੇ ਲੋਕ ਮੁੱਖ ਮੰਤਰੀ, ਮੰਤਰੀ, ਵਿਧਾਇਕ, ਸੰਸਦ ਮੈਂਬਰ ਬਣ ਜਾਂਦੇ ਹਨ, ਪਰ ਉਹ ਸਮਾਨਤਾ ਦੇ ਅਧਿਕਾਰਾਂ ਤੋਂ ਵਾਂਝੇ ਵਰਗ ਨੂੰ ਬਣਦਾ ਹੱਕ ਦਿਵਾਉਣ ਦੇ ਲਈ ਕੁੱਝ ਵੀ ਨਹੀਂ ਕਰ ਸਕਦੇ।**

## ਇੱਕ ਪੜ੍ਹਿਆ-ਲਿਖਿਆ ਵਿਅਕਤੀ ਜਿਸ ਵਿੱਚ ਚਰਿੱਤਰ ਅਤੇ ਨਿਮਰਤਾ ਨਹੀਂ ਹੈ, ਜਾਨਵਰ ਨਾਲੋਂ ਵੀ ਖ਼ਤਰਨਾਕ ਹੈ।

ਬੰਬੇ ਪ੍ਰੋਵਿੰਸ਼ੀਅਲ ਡਿਪਰੈਸਡ ਕਲਾਸਿਜ਼ ਯੂਥ ਕਾਨਫਰੰਸ 12 ਫਰਵਰੀ, 1938 ਨੂੰ ਰਾਤ 8 ਵਜੇ ਡਾ. ਬੀ. ਆਰ. ਅੰਬੇਡਕਰ ਦੀ ਪ੍ਰਧਾਨਗੀ ਹੇਠ ਜੀ.ਆਈ.ਪੀ. ਰੇਲਵੇ ਡਿਪਰੈਸਡ ਕਲਾਸਿਜ਼ ਵਰਕਰਜ਼ ਕਾਨਫਰੰਸ ਲਈ ਬਣਾਏ ਗਏ ਵਿਸ਼ਾਲ ਪੰਡਾਲ ਵਿੱਚ



ਹੋਈ। ਰਿਸੈਪਸ਼ਨ ਕਮੇਟੀ ਦੇ ਚੇਅਰਮੈਨ, ਸ਼੍ਰੀ ਮੁਰਲੀਧਰ ਪਗਾਰ ਦੇ ਸਵਾਗਤ ਭਾਸ਼ਣ ਤੋਂ ਬਾਅਦ, ਡਾ. ਬੀ. ਆਰ. ਅੰਬੇਡਕਰ ਨੇ ਇੱਕ ਬਹੁਤ ਹੀ ਸਿੱਖਿਆਦਾਇਕ, ਪ੍ਰੇਰਨਾਦਾਇਕ ਅਤੇ ਰੋਮਾਂਚਕ ਭਾਸ਼ਣ ਦਿੱਤਾ।

ਉਨ੍ਹਾਂ ਕਿਹਾ:-

ਜ਼ਿੰਦਗੀ ਵਿੱਚ ਇੱਕ ਨਿਯਮ ਜੋ ਯਾਦ ਰੱਖਣਾ ਚਾਹੀਦਾ ਹੈ ਉਹ ਹੈ ਕਿ ਇੱਕ ਉੱਤਮ ਆਦਰਸ਼ ਨੂੰ ਬਣਾਈ ਰੱਖਣਾ ਚਾਹੀਦਾ ਹੈ। ਇਸੇ ਤਰ੍ਹਾਂ, ਉਨ੍ਹਾਂ ਕਿਹਾ ਕਿ ਕਿਸੇ ਵਿਅਕਤੀ ਦਾ ਆਦਰਸ਼ ਜੋ ਵੀ ਹੋਵੇ - ਰਾਸ਼ਟਰੀ ਤਰੱਕੀ ਜਾਂ ਸਵੈ-ਵਿਕਾਸ - ਉਸਨੂੰ ਉਸ ਆਦਰਸ਼ ਤੱਕ ਪਹੁੰਚਣ ਲਈ ਧੀਰਜ ਨਾਲ ਯਤਨਸ਼ੀਲ ਰਹਿਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਦੁਨੀਆ ਦੀਆਂ ਸਾਰੀਆਂ ਮਹਾਨ ਚੀਜ਼ਾਂ ਧੀਰਜਵਾਨ ਮਿਹਨਤ, ਸਖ਼ਤ ਮਿਹਨਤ ਅਤੇ ਦੁੱਖਾਂ ਦੀ ਮਦਦ ਨਾਲ ਪ੍ਰਾਪਤ ਹੁੰਦੀਆਂ ਹਨ। ਉਨ੍ਹਾਂ ਅੱਗੇ ਕਿਹਾ ਕਿ ਮਨੁੱਖ ਨੂੰ ਆਪਣਾ ਧਿਆਨ ਅਤੇ ਊਰਜਾ ਆਪਣੇ ਟੀਚੇ 'ਤੇ ਕੇਂਦਰਿਤ ਕਰਨੀ ਚਾਹੀਦੀ ਹੈ। ਮਨੁੱਖ ਨੂੰ ਜਿਉਂਦੇ ਰਹਿਣ ਅਤੇ ਸਮਾਜ ਦੀ ਭਲਾਈ ਲਈ ਕੰਮ ਕਰਨ ਲਈ ਖਾਣਾ ਚਾਹੀਦਾ ਹੈ।

ਇਸ ਤੋਂ ਬਾਅਦ, ਸਿੱਖਿਆ ਦੀ ਸਮੱਸਿਆ 'ਤੇ ਚਰਚਾ ਕਰਦੇ ਹੋਏ, ਡਾ. ਅੰਬੇਡਕਰ ਨੇ ਕਿਹਾ ਕਿ ਸਿੱਖਿਆ ਇੱਕ ਤਲਵਾਰ ਹੈ ਅਤੇ ਦੋਧਾਰੀ ਹਥਿਆਰ ਹੋਣ ਕਰਕੇ ਇਸਨੂੰ ਚਲਾਉਣਾ ਖ਼ਤਰਨਾਕ ਹੈ। ਇੱਕ ਪੜ੍ਹਿਆ-ਲਿਖਿਆ ਵਿਅਕਤੀ ਜਿਸ ਕੋਲ ਚਰਿੱਤਰ ਅਤੇ ਨਿਮਰਤਾ ਨਹੀਂ ਹੈ, ਜਾਨਵਰ ਨਾਲੋਂ ਵੀ ਖ਼ਤਰਨਾਕ ਹੈ। ਉਨ੍ਹਾਂ ਕਿਹਾ ਕਿ ਜੇਕਰ ਉਸਦੀ ਸਿੱਖਿਆ ਗਰੀਬ ਆਦਮੀ ਦੀ ਭਲਾਈ ਦੇ ਵਿਰੁੱਧ ਹੈ, ਤਾਂ ਅਜਿਹਾ ਪੜ੍ਹਿਆ-ਲਿਖਿਆ ਵਿਅਕਤੀ ਸਮਾਜ ਲਈ ਸਰਾਪ ਹੈ। ਅਜਿਹੇ ਪੜ੍ਹੇ-ਲਿਖੇ ਵਿਅਕਤੀ ਨੂੰ ਝਿੜਕਿਆ ਜਾਣਾ ਚਾਹੀਦਾ ਹੈ। ਉਨ੍ਹਾਂ ਜ਼ੋਰਦਾਰ ਢੰਗ ਨਾਲ ਕਿਹਾ ਕਿ 'ਚਰਿੱਤਰ ਸਿੱਖਿਆ ਨਾਲੋਂ ਜ਼ਿਆਦਾ ਮਹੱਤਵਪੂਰਨ ਹੈ। ਮੈਨੂੰ ਇਹ ਕਹਿੰਦੇ ਹੋਏ ਦੁੱਖ ਹੋ ਰਿਹਾ ਹੈ ਕਿ ਨੌਜਵਾਨ ਧਰਮ ਪ੍ਰਤੀ ਉਦਾਸੀਨ ਹੁੰਦੇ ਜਾ ਰਹੇ ਹਨ। ਧਰਮ ਅਫੀਮ ਨਹੀਂ ਹੈ, ਜਿਵੇਂ ਕਿ ਕੁਝ ਲੋਕ ਮੰਨਦੇ ਹਨ। ਮੇਰੇ ਵਿੱਚ ਜੋ ਵੀ ਚੰਗੀਆਂ ਚੀਜ਼ਾਂ ਹਨ ਜਾਂ ਮੇਰੀ ਸਿੱਖਿਆ ਤੋਂ ਸਮਾਜ ਨੂੰ ਜੋ ਵੀ ਲਾਭ ਹੋਇਆ ਹੈ, ਮੈਂ ਇਸ ਸਭ ਦਾ ਸਿਹਰਾ ਆਪਣੇ ਅੰਦਰ ਦੀਆਂ ਧਾਰਮਿਕ ਭਾਵਨਾਵਾਂ ਨੂੰ ਦਿੰਦਾ ਹਾਂ। ਮੈਂ ਧਰਮ ਚਾਹੁੰਦਾ ਹਾਂ ਪਰ ਮੈਂ ਧਰਮ ਦੇ ਨਾਮ 'ਤੇ ਪਖੰਡ ਨਹੀਂ ਚਾਹੁੰਦਾ। ਕਾਨਫਰੰਸ ਬਹੁਤ ਸਫਲ ਰਹੀ। ਇਸ ਨੇ ਦਿਖਾਇਆ ਕਿ ਜੇਕਰ ਮੌਕਾ ਦਿੱਤਾ ਜਾਵੇ, ਤਾਂ ਦਲਿਤ ਵਰਗ ਦੇ ਆਗੂ ਆਮ ਲੋਕਾਂ ਨੂੰ ਵੀ ਸੰਗਠਿਤ ਕਰ ਸਕਦੇ ਹਨ।

### ਅਛੂਤਾਂ ਨੂੰ ਆਪਣੇ ਯਤਨ ਖੁਦ ਕਰਨੇ ਪੈਣਗੇ

19 ਮਾਰਚ, 1938 ਨੂੰ ਸੋਮਵੰਸ਼ੀ ਹਿਤਕਾਰਕ ਸਮਾਜ ਅਤੇ ਤਾਡਵਾੜੀ, ਮਜ਼ਗਾਓਂ ਦੇ ਅਛੂਤ ਨਿਵਾਸੀਆਂ ਦੀ ਸਰਪ੍ਰਸਤੀ ਹੇਠ ਇੱਕ ਜਨਤਕ ਮੀਟਿੰਗ ਕੀਤੀ ਗਈ, ਜਿਸਦਾ ਉਦੇਸ਼ ਸੁਤੰਤਰ ਲੇਬਰ ਪਾਰਟੀ ਦੇ ਆਗੂਆਂ ਡਾ. ਬੀ. ਆਰ. ਅੰਬੇਡਕਰ ਅਤੇ ਡਾ. ਪੀ. ਜੀ. ਸੋਲੰਕੀ ਨੂੰ ਇੱਕ ਸਰਟੀਫਿਕੇਟ ਅਤੇ ਇੱਕ ਬੈਗ ਭੇਟ ਕਰਨਾ ਸੀ। ਆਰ. ਕੇ. ਤਤਨਿਸ, ਸੰਪਾਦਕ, ਵਿਵਿਧ ਵਸ਼ਟਾ ਨੇ ਮੀਟਿੰਗ ਦੀ ਪ੍ਰਧਾਨਗੀ ਕੀਤੀ। ਉਨ੍ਹਾਂ ਅਤੇ ਐਮ. ਐਨ. ਤਲਪੜੇ, ਐਚ. ਟੀ. ਗਾਇਕਵਾੜ ਅਤੇ ਬੀ. ਆਰ. ਅੰਬੇਡਕਰ ਨੇ ਮਰਾਠੀ ਵਿੱਚ ਭਾਸ਼ਣ ਦਿੱਤੇ। ਮੀਟਿੰਗ ਵਿੱਚ ਲਗਭਗ 100 ਔਰਤਾਂ ਸਮੇਤ ਲਗਭਗ 500 ਅਛੂਤ ਸ਼ਾਮਲ ਹੋਏ।

ਆਪਣੇ ਭਾਸ਼ਣਾਂ ਦੌਰਾਨ, ਚੇਅਰਮੈਨ, ਸ਼੍ਰੀ ਐਮ. ਐਨ. ਤਲਪੜੇ ਅਤੇ ਐਸ. ਟੀ. ਗਾਇਕਵਾੜ ਨੇ ਡਾ. ਬੀ. ਆਰ. ਅੰਬੇਡਕਰ ਅਤੇ ਡਾ. ਪੀ. ਜੀ. ਸੋਲੰਕੀ ਦੁਆਰਾ ਅਛੂਤਾਂ ਦੇ ਹਿੱਤਾਂ ਲਈ ਕੀਤੀਆਂ ਗਈਆਂ ਸੇਵਾਵਾਂ ਨੂੰ ਯਾਦ ਕੀਤਾ। ਇਸ ਤੋਂ ਬਾਅਦ ਚੇਅਰਮੈਨ ਵੱਲੋਂ ਡਾ. ਅੰਬੇਡਕਰ ਨੂੰ ਇੱਕ ਸਰਟੀਫਿਕੇਟ ਅਤੇ ਇੱਕ ਬੈਗ ਭੇਟ ਕੀਤਾ ਗਿਆ। ਡਾ. ਪੀ. ਜੀ. ਸੋਲੰਕੀ ਮੌਜੂਦ ਨਹੀਂ ਸਨ, ਇਹ ਕਿਹਾ ਗਿਆ ਕਿ ਉਹ ਬਿਮਾਰ ਹਨ।

ਸਰਟੀਫਿਕੇਟ ਦਾ ਜਵਾਬ ਦਿੰਦੇ ਹੋਏ, ਡਾ. ਬੀ. ਆਰ. ਅੰਬੇਡਕਰ ਨੇ ਕਿਹਾ ਕਿ ਅਛੂਤਾਂ ਨੂੰ ਕਿਸੇ ਹੋਰ ਵਿਅਕਤੀ ਜਾਂ ਸੰਗਠਨ ਦੀ ਮਦਦ ਤੋਂ ਬਿਨਾਂ ਆਪਣੇ ਉੱਨਤੀ ਲਈ ਆਪਣੇ ਯਤਨ ਕਰਨੇ ਪੈਂਦੇ ਹਨ। ਹਾਲਾਂਕਿ ਕਾਂਗਰਸ ਸੰਗਠਨ ਨੇ ਉਨ੍ਹਾਂ ਦੇ ਹਿੱਤਾਂ ਦਾ ਸਮਰਥਨ ਕਰਨ ਦਾ ਦਾਅਵਾ ਕੀਤਾ, ਪਰ ਇਸਨੇ ਕੁਝ ਨਹੀਂ ਕੀਤਾ। ਇੰਨਾ ਹੀ ਨਹੀਂ, ਅਜਿਹੀਆਂ ਸੰਸਥਾਵਾਂ ਨੇ ਬਿਲਕੁਲ ਉਲਟ ਕੀਤਾ। ਇਹ ਇਸ ਤੱਥ ਤੋਂ ਸਾਬਤ ਹੋਇਆ ਕਿ ਮੱਧ ਪ੍ਰਾਂਤਾਂ ਵਿੱਚ ਇੱਕ ਅਛੂਤ ਲੜਕੀ ਨਾਲ ਬਲਾਤਕਾਰ ਕਰਨ ਦੇ ਘਿਨਾਉਣੇ ਅਪਰਾਧ ਲਈ ਇੱਕ ਮੁਸਲਮਾਨ ਨੂੰ ਦਿੱਤੀ ਗਈ ਸਜ਼ਾ ਘਟਾ ਦਿੱਤੀ ਗਈ। ਇਸ ਤੋਂ ਬਾਅਦ ਉਸਨੇ ਬੰਬਈ ਵਿੱਚ ਅਛੂਤਾਂ ਲਈ ਇੱਕ ਹਾਲ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ ਅਤੇ ਦਰਸ਼ਕਾਂ ਨੂੰ ਇਸ ਉਦੇਸ਼ ਲਈ ਦਾਨ ਕਰਨ ਦੀ ਅਪੀਲ ਕੀਤੀ। ਉਸਨੇ ਕਿਹਾ ਕਿ ਬਿਰਲਾ ਜਾਂ ਬਜਾਜ ਵਰਗੇ ਲੋਕਾਂ ਨੂੰ ਮਿਲ ਕੇ ਲੋੜੀਂਦੀ ਰਕਮ ਪ੍ਰਾਪਤ ਕਰਨਾ ਉਸਦੇ ਲਈ ਬਹੁਤ ਆਸਾਨ ਸੀ। ਪਰ ਉਹ ਅਜਿਹਾ ਨਹੀਂ ਕਰਨਾ ਚਾਹੁੰਦਾ ਸੀ ਅਤੇ ਉਨ੍ਹਾਂ ਨੂੰ ਬੇਲੋੜਾ ਮਹੱਤਵ ਨਹੀਂ ਦੇਣਾ ਚਾਹੁੰਦਾ ਸੀ। ਉਸਨੇ ਫਿਰ ਕਿਹਾ ਕਿ ਉਸਨੂੰ ਪੇਸ਼ ਕੀਤੇ ਗਏ ਬੈਗ ਵਿੱਚ ਪੈਸੇ ਸੁਤੰਤਰ ਲੇਬਰ ਪਾਰਟੀ ਦੇ ਫੰਡਾਂ ਦਾ ਹਿੱਸਾ ਬਣ ਜਾਣਗੇ।

ਇਹ ਸਮਾਗਮ ਰਾਤ ਲਗਭਗ 10.30 ਵਜੇ ਸ਼ੁਰੂ ਹੋਇਆ ਅਤੇ ਲਗਭਗ 12.30 ਵਜੇ ਸ਼ਾਂਤੀਪੂਰਵਕ ਸਮਾਪਤ ਹੋਇਆ।

ਸਰੋਤ ਸਮੱਗਰੀ ਭਾਗ 1, ਪੰਨੇ 170-171

H./-

ਸੁਪਰਿੰਟੈਂਡੈਂਟ ਐਸ.ਬੀ.,

ਸੀ.ਆਈ.ਡੀ.

22 ਮਾਰਚ, 1938

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 11 ਅਗਸਤ
INTERNATIONAL PAPER, 94636 01616
hardipchumber57@gmail.com

# ਸਕੂਲਾਂ ਵਿੱਚ ਰਾਸ਼ਟਰੀ ਮਹੱਤਵ ਦੇ ਦਿਨ ਕਿਵੇਂ ਮਨਾਈਏ?

ਜਗਤਾਰ ਲਾਡੀ ਮਾਨਸਾ
9463603091

ਰਾਸ਼ਟਰੀ ਮਹੱਤਵ ਦੇ ਦਿਨ ਉਹ ਮੌਕੇ ਹੁੰਦੇ ਹਨ ਜੋ ਦੇਸ਼ ਦੀ ਇਤਿਹਾਸਕ ਯਾਤਰਾ, ਸੰਘਰਸ਼, ਉਪਲਬਧੀਆਂ ਜਾਂ ਸੱਭਿਆਚਾਰਕ ਵਿਰਾਸਤ ਨਾਲ ਜੁੜੇ ਹੁੰਦੇ ਹਨ। ਇਹਨਾਂ ਪਿੱਛੇ ਲੰਮਾ ਇਤਿਹਾਸ ਹੁੰਦਾ ਹੈ। ਇਹਨਾਂ ਨੂੰ ਲਿਆਉਣ,ਲਾਗੂ ਕਰਵਾਉਣ,ਤੇ ਮਨਾਉਣ ਪਿੱਛੇ ਕੀ ਵਾਰ ਪੀੜ੍ਹੀਆਂ ਦੀ ਕੁਰਬਾਨੀ ਹੁੰਦੀ ਹੈ। ਜਿਵੇਂ ਭਾਰਤ ਦੇ ਗਣਤੰਤਰ ਦਿਵਸ, ਸਵਤੰਤਰ ਦਿਵਸ ਜਿਹੇ ਦਿਨ ਲਿਆਉਣ ਲਈ ਲੰਮਾ ਸੰਘਰਸ਼ ਲੜਣਾ ਪਿਆ।ਇਹ ਗੱਲ ਵੀ ਵਿਚਾਰਨ ਵਾਲੀ ਹੈ ਕਿ ਜੇਕਰ ਇਹ ਦਿਨ ਨਾ ਮਨਾਏ ਜਾਣ ਤਾਂ ਨਵੀਂ ਪੀੜ੍ਹੀ ਪੁਰਾਣੀ ਪੀੜ੍ਹੀ ਦੀਆਂ ਕੁਰਬਾਨੀਆਂ ਵਾਰੇ ਜਾਣ ਨਹੀਂ ਸਕਦੀ।ਜਿਵੇਂ ਅੱਜਕਲ੍ਹ ਕਿ ਟੀਵੀ ਮੋਬਾਇਲ ਵਿਚ ਉਲਝੀ ਪੀੜ੍ਹੀ ਪੁਰਾਣੇ ਸ਼ਹੀਦਾਂ ਵਾਰੇ ਕੁੱਝ ਨਹੀਂ ਜਾਣਦੀ।

ਜੋ ਕੌਮ ਇਤਿਹਾਸ ਨੂੰ ਭੁੱਲ ਜਾਂਦੀ ਹੈ
ਉਸ ਦਾ ਵਜੂਦ ਵੀ ਖ਼ਤਮ ਹੋ ਜਾਂਦਾ ਹੈ।

ਰਾਸ਼ਟਰੀ ਮਹੱਤਵ ਦੇ ਦਿਨਾਂ ਵਿੱਚ
ਸਵਤੰਤਰਤਾ ਦਿਵਸ (15 ਅਗਸਤ),
ਗਣਤੰਤਰ ਦਿਵਸ (26 ਜਨਵਰੀ),
ਗਾਂਧੀ ਜਯੰਤੀ (2 ਅਕਤੂਬਰ),
ਨੇਤਾ ਜੀ ਸੁਭਾਸ਼ ਚੰਦਰ ਬੋਸ ਜਯੰਤੀ,
ਵਿਗਿਆਨ ਦਿਵਸ (28 ਫਰਵਰੀ),
ਔਰਤ ਦਿਵਸ, ਚਿਲਡਰਨਜ਼ ਡੇਅ, ਆਦਿ
,ਇਹ ਸਾਰੇ ਭਾਰਤ ਲਈ ਵਿਸ਼ੇਸ਼ ਦਿਨ ਹਨ।

ਜੇਕਰ ਇਹ ਦਿਨ ਸੰਵੇਦਨਸ਼ੀਲ ਹੋਕੇ ਮਨਾਏ ਜਾਣ ਤਾਂ
ਇਹ ਦਿਨ ਸਕੂਲੀ ਬੱਚਿਆਂ ਵਿੱਚ

ਦੇਸ਼ਭਗਤੀ,ਸਮਾਜਿਕ ਜ਼ਿੰਮੇਵਾਰੀ, ਇਤਿਹਾਸਕ ਸੂਝ,ਰਚਨਾਤਮਕ ਪ੍ਰਗਟਾਵਾ ਪੈਦਾ ਕਰਨ ਦਾ ਸ਼ਾਨਦਾਰ ਮੌਕਾ ਹੁੰਦੇ ਹਨ। ਮਨਾਉਣ ਦੇ ਮੁੱਖ ਉਦੇਸ਼ਾਂ ਦੀ ਗਲ ਕਰੀਏ ਤਾਂ ਬੱਚਿਆਂ ਨੂੰ ਦੇਸ਼ ਦੇ ਇਤਿਹਾਸ ਨਾਲ ਜੋੜਿਆ ਜਾ ਸਕਦਾ ਹੈ,ਸਾਂਝੀ ਪਹਿਚਾਣ ਤੇ ਮਾਣ ਦਾ ਅਹਿਸਾਸ ਜਗਾਉਣਾ,ਸਿੱਖਿਆ ਨੂੰ ਖੇਡ ਅਤੇ ਕਲਾ ਨਾਲ ਜੋੜਨਾ ਸਮਾਜਿਕ ਸੁਨੇਹੇ ਫੈਲਾਉਣਾ ਹੋ ਸਕਦਾ ਹੈ

ਹੁਣ ਗੱਲ ਚੱਲਦੀ ਹੈ ਕਿ ਇਹ ਕਿਵੇਂ ਮਨਾਏ ਜਾਣ ਬੱਚਿਆਂ ਨੂੰ,ਆਮ ਲੋਕਾਂ ਨੂੰ ਇਸ ਨਾਲ ਕਿਵੇਂ ਜੋੜਿਆ ਜਾਵੇ। ਇਹਨਾਂ ਦੀ ਤਿਆਰੀ ਦਾ ਪਹਿਲਾ ਪੜਾਅ ਇਹ ਹੋ ਸਕਦਾ ਹੈ ਕਿ ਯੋਜਨਾ ਬਣਾਈ ਜਾਵੇ ਫਿਰ ਕਮੇਟੀ ਬਣਾਉਣਾ

ਅਧਿਆਪਕ ਕਮੇਟੀ: ਥੀਮ ਅਤੇ ਕਾਰਜ-ਵੰਡ ਆਦਿ ਸਾਰੇ ਕਾਰਜ ਵੰਡ ਲਏ ਜਾਣ।

ਵਿਦਿਆਰਥੀ ਪ੍ਰਤੀਨਿਧੀ ਵੀ ਆਪਣੇ ਵਰਗ ਦੀ ਰਾਏ ਦੇਣ ਵਿਚ ਯੋਗਦਾਨ ਦੇਣ ।ਮਤਲਬ ਉਹਨਾਂ ਦੇ ਵਿਚਾਰਾਂ ਨੂੰ ਵੀ ਪ੍ਰਮੁੱਖਤਾ ਦਿੱਤੀ ਜਾਵੇ। ਸਹਾਇਕ ਸਟਾਫ ਸਜਾਵਟ ਅਤੇ ਤਕਨੀਕੀ ਸਹਾਇਤਾ ਦੇਵੇ ਤਾਂ ਕਿ ਕੰਮ ਨੂੰ ਸਹੀ ਤਰੀਕੇ ਨਾਲ ਸਿਰੇ ਚਾੜ੍ਹਿਆ ਜਾ ਸਕੇ। ਥੀਮ ਚੋਣ ਕਰਨਾ ਬਹੁਤ ਮਹੱਤਵਪੂਰਨ ਹੁੰਦਾ ਹੈ ।ਹਰ ਸਾਲ ਇੱਕ ਵੱਖਰੀ ਥੀਮ ਰੱਖਣਾ ਇਸ ਦਿਨ ਨੂੰ ਤਾਜ਼ਗੀ ਦਿੰਦਾ ਹੈ।

ਉਦਾਹਰਨ ਦੇ ਤੌਰ ਤੇ
"ਆਜ਼ਾਦੀ ਦੇ ਨਾਇਕ"
"ਵਿਭਿੰਨਤਾ ਵਿੱਚ ਏਕਤਾ"
"ਹਰਾ ਭਾਰਤ – ਸੁੰਦਰ ਭਾਰਤ"
ਧੀਆਂ ਨੂੰ ਪੜ੍ਹਾਈਏ, ਪਾਣੀਆਂ ਨੂੰ ਬਚਾਈਏ ਆਦਿ।

ਕੈਲੰਡਰ ਵਿੱਚ ਸ਼ਾਮਲ ਕਰਨਾ ਮਤਲਬ ਪੂਰਾ ਟਾਇਮ ਟੇਬਲ ਬਣ ਜਾਵੇ ਤੇ ਘੱਟੋ-ਘੱਟ 2 ਹਫ਼ਤੇ ਪਹਿਲਾਂ ਤੋਂ ਪ੍ਰੈਕਟਿਸ ਅਤੇ ਤਿਆਰੀ ਸ਼ੁਰੂ ਕਰਨੀ।

ਮਨਾਉਣ ਦੇ ਰਚਨਾਤਮਕ ਤਰੀਕਿਆਂ ਦੀ ਗੱਲ ਕਰੀਏ ਤਾਂ ਸਭ ਤੋਂ ਪਹਿਲਾਂ ਆਉਂਦਾ ਹੈ।

ਉਦਘਾਟਨ ਸਮਾਰੋਹ,

ਝੰਡਾ ਲਹਿਰਾਉਣ ਦੀ ਰਸਮ (Flag Hoisting) – ਸਕੂਲ ਦੇ ਵਿਹੜੇ ਵਿੱਚ, ਰਾਸ਼ਟਰੀ ਗੀਤ ਦੇ ਨਾਲ ਸ਼ੁਰੂਆਤ ਕੀਤੀ ਜਾਵੇ।

ਸਵਾਗਤੀ ਭਾਸ਼ਣ – ਪ੍ਰਿੰਸੀਪਲ ਜਾਂ ਵਿਦਿਆਰਥੀ ਪ੍ਰਤੀਨਿਧੀ ਵੱਲੋਂ ਦਿੱਤਾ ਜਾਵੇ। ਇਹ ਪੂਰੀ ਤਰ੍ਹਾਂ ਉਸਾਰੂ ਹੋਣਾ ਚਾਹੀਦਾ ਹੈ।

ਰਾਸ਼ਟਰੀ ਗੀਤ, ਰਾਸ਼ਟਰੀ ਗਾਣੇ, ਅਤੇ ਬੱਚਿਆਂ ਦੇ ਗਾਇਨ ਦਲ ਵੱਲੋਂ ਸਬਦ ਗਾਇਨ ਹੋਵੇਗਾ।

ਸਿੱਖਣ-ਅਧਾਰਿਤ ਗਤੀਵਿਧੀਆਂ ਵਿੱਚੋਂ
ਇਤਿਹਾਸਕ ਪ੍ਰੇਜ਼ੈਂਟੇਸ਼ਨ ਦਿੱਤੀ ਜਾ ਸਕਦੀ ਹੈ।

ਸਲਾਈਡ ਸ਼ੋਅ ਜਾਂ ਪੋਸਟਰਾਂ ਰਾਹੀਂ ਇਤਿਹਾਸ ਦੀਆਂ ਝਲਕਾਂ ਪੇਸ਼ ਕੀਤੀਆਂ ਜਾ ਸਕਦੀਆਂ ਹਨ।

ਛੋਟੇ ਬੱਚਿਆਂ ਲਈ ਕਹਾਣੀ ਰੂਪ ਵਿੱਚ ਪ੍ਰੋਗਰਾਮ ਪੇਸ਼ ਕੀਤੇ ਜਾ ਸਕਦੇ ਹਨ।

Role Play / ਨਾਟਕ ਜਾ ਆਜ਼ਾਦੀ ਸੰਗਰਾਮ ਦੇ ਦ੍ਰਿਸ਼ਾਂ ਦਾ ਪ੍ਰਦਰਸ਼ਨ ਕੀਤਾ ਜਾ ਸਕਦਾ ਹੈ।

ਮਹਾਨ ਵਿਅਕਤੀਆਂ ਦੇ ਸੰਦੇਸ਼ ਲਿਖੇ ਅਤੇ ਬੋਲੇ ਜਾਂ ਸਕਦੇ ਹਨ।

ਕੁਇਜ਼ ਮੁਕਾਬਲੇ ਕਰਵਾਏ ਜਾ ਸਕਦੇ ਹਨ।

ਟੀਮਾਂ ਵਿੱਚ ਇੰਟਰਐਕਟਿਵ ਕੁਇਜ਼ – "ਇਹ ਸਬਦ ਕਿਸ ਨੇ ਕਹੇ ਹਨ?", "ਇਹ ਤਸਵੀਰ ਕਿਸਦੀ ਹੈ?" ਇਹ ਘਟਨਾ ਕਿਸ ਨਾਲ ਸੰਬੰਧਿਤ ਹੈ? ਇਸ ਨਾਲ ਬੱਚੇ ਤਿਆਰੀ ਵੀ ਕਰਨਗੇ ਉਨ੍ਹਾਂ ਦਾ ਗਿਆਨ ਵੀ ਵਧੇਗਾ।

ਕਲਾ ਅਤੇ ਸੱਭਿਆਚਾਰਕ ਪ੍ਰੋਗਰਾਮ ਵਿੱਚ ਦੇਸ਼ਭਗਤੀ ਗੀਤਾਂ ਦਾ ਮੁਕਾਬਲਾ ਕਰਵਾਇਆ ਜਾ ਸਕਦਾ ਹੈ।

ਕਵਿਤਾ ਪਾਠ ਵਿੱਚ ਦੇਸ਼ਭਗਤੀ, ਏਕਤਾ ਤੇ ਵਿਸ਼ਿਆਂ 'ਤੇ ਕਵਿਤਾਵਾਂ ਬੋਲੀਆਂ ਦਾ ਸਕਦੀਆਂ ਹਨ।

ਡਰਾਇੰਗ ਅਤੇ ਪੇਂਟਿੰਗ – ਰਾਸ਼ਟਰੀ ਚਿੰਨ੍ਹ, ਇਤਿਹਾਸਕ ਪਲ ਤੇ ਸ਼ਾਨਦਾਰ ਪੇਂਟਿੰਗ ਬਣਾਉਣ ਲਈ ਕਿਹਾ ਜਾ ਸਕਦਾ ਹੈ।

ਰੀਸਾਈਕਲਿੰਗ ਆਰਟ – "ਆਪਣਾ ਭਾਰਤ ਬਣਾਓ" ਥੀਮ 'ਤੇ ਸ਼ਿਲਪਕਲਾ ਦੇ ਹੱਥੀ ਸਮਾਨ ਤਿਆਰ ਕਰਨ ਦੇ ਮੁਕਾਬਲੇ ਕਰਵਾਏ ਜਾ ਸਕਦੇ ਹਨ।

ਸਮਾਜਿਕ ਜਾਗਰੂਕਤਾ ਮੁਹਿੰਮ

ਰੈਲੀ – ਪਲੇਕਾਰਡ ਅਤੇ ਨਾਅਰੇ ਨਾਲ, ਸਕੂਲ ਦੇ ਆਲੇ-ਦੁਆਲੇ ਲਿਖ ਕੇ ਲਗਾਏ ਜਾ ਸਕਦੇ ਹਨ।

ਸਮਾਜ ਭਲਾਈ ਦਾ ਕੋਈ ਕੰਮ ਕੀਤਾ ਜਾ ਸਕਦਾ ਹੈ।

ਪੌਦੇ ਲਗਾਉਣਾ – ਪ੍ਰਤੀਕਾਤਮਕ ਤੌਰ 'ਤੇ "ਹਰਾ ਭਾਰਤ" ਦਾ ਸੰਦੇਸ਼ ਦਿੱਤਾ ਜਾ ਸਕਦਾ ਹੈ।

ਵਿਗਿਆਨ ਤੇ ਟੈਕਨੋਲੋਜੀ ਨਾਲ ਜੋੜ ਕੇ

ਵਿਗਿਆਨ ਮੇਲਾ ਅਤੇ ਰਾਸ਼ਟਰੀ ਵਿਗਿਆਨ ਦਿਵ ਦਿਨ ਮਨਾਏ ਜਾ ਸਕਦੇ ਹਨ। ਬੱਚਿਆਂ ਲਈ ਖਾਸ ਇੰਟਰਐਕਟਿਵ ਸੈਸ਼ਨ ਕਰਵਾਇਆ ਜਾ ਸਕਦਾ ਹੈ।


ਪ੍ਰਸਿੱਧ ਵਿਅਕਤੀ ਨਾਲ ਮੁਲਾਕਾਤ – ਫ਼ੌਜੀ, ਵਿਗਿਆਨੀ, ਸਮਾਜ ਸੇਵੀ ਤੇ ਹੋਰ ਲੋਕਾਂ ਨੂੰ ਬੁਲਾਇਆ ਜਾ ਸਕਦਾ ਹੈ। ਓਪਨ ਮਾਈਕ ਰੱਖ ਕੇ ਬੱਚੇ ਆਪਣੇ ਵਿਚਾਰ, ਸੁਝਾਅ ਸਾਂਝੇ ਕਰਨ ਵਿੱਚ ਰੋਲ ਨਿਭਾ ਸਕਦੇ ਹਨ।

"ਮੈਂ ਭਾਰਤੀ ਹਾਂ" ਵਾਲ ਆਰਟ – ਸਭ ਬੱਚੇ ਆਪਣਾ ਹੱਥ ਦਾ ਨਿਸ਼ਾਨ ਲਗਾ ਕੇ ਸੁਨੇਹਾ ਲਿਖ ਸਕਦੇ ਹਨ।

ਦਿਨ ਦਾ ਨਮੂਨਾ ਕਾਰਜ-ਕ੍ਰਮ

ਸਮਾਂ ਕਾਰਜ ਬਣਾ ਲੈਣਾ ਚਾਹੀਦਾ ਹੈ।
8:30–8:45 ਇਕੱਠ, ਪ੍ਰਾਰਥਨਾ
8:45–9:00 ਝੰਡਾ ਲਹਿਰਾਉਣ ਤੇ ਰਾਸ਼ਟਰੀ ਗੀਤ
9:00–9:20 ਸਵਾਗਤ ਭਾਸ਼ਣ ਤੇ ਥੀਮ ਪ੍ਰਸਤੁਤੀ
9:20–10:00 ਸੱਭਿਆਚਾਰਕ ਪ੍ਰੋਗਰਾਮ (ਗੀਤ, ਕਵਿਤਾ, ਨਾਟਕ)
10:00–10:20 ਕੁਇਜ਼/Role Play
10:20–10:40 ਸਮਾਜਿਕ ਗਤੀਵਿਧੀ (ਰੈਲੀ/ਪੌਧੇ ਲਗਾਉਣਾ)
10:40–11:00 ਇਨਾਮ ਵੰਡ ਤੇ ਧੰਨਵਾਦ ਭਾਸ਼ਣ ਹੋ ਸਕਦਾ ਹੈ

ਵਖ ਵੱਖ ਦਿਨ ਮਨਾਉਣ ਦੇ ਫਾਇਦੇ ਬਹੁਤ ਹੋ ਸਕਦੇ ਹਨ ਬੱਚਿਆਂ ਦੀ ਲੋਕ-ਭਾਸ਼ਣ ਅਤੇ ਸੰਚਾਰ ਕੌਸ਼ਲ ਵਿੱਚ ਸੁਧਾਰ ਹੋ ਸਕਦਾ ਹੈ।



ਟੀਮ ਵਰਕ ਅਤੇ ਲੀਡਰਸ਼ਿਪ ਦੀ ਭਾਵਨਾ

ਇਤਿਹਾਸ ਅਤੇ ਸੱਭਿਆਚਾਰ ਨਾਲ ਸਿੱਧਾ ਸੰਪਰਕ ਹੋ ਸਕਦਾ ਹੈ। ਸਮਾਜਿਕ ਮੁੱਲਾਂ ਦੀ ਮਜ਼ਬੂਤੀ ਹੋ ਸਕਦੀ ਹੈ। ਇਸ ਕੰਮ ਵਿੱਚ ਚਣੌਤੀਆਂ ਵੀ ਹੋਣਗੀਆਂ ਚੁਣੌਤੀ ਹੱਲ ਕੀਤਾ ਜਾ ਸਕਦਾ ਹੈ

ਸਮਾਂ ਘੱਟ ਮੁੱਖ ਗਤੀਵਿਧੀਆਂ 'ਤੇ ਧਿਆਨ,

ਘੱਟ ਸ੍ਰੋਤ ਅਤੇ ਰੀਸਾਈਕਲ ਸਮੱਗਰੀ ਵਰਤੋ ਕਰਕੇ ਖਰਚੇ ਘਟਾ ਕੀਤੇ ਜਾ ਸਕਦੇ ਹਨ। ਰੁਚੀ ਖੇਡਾਂ ,ਅਤੇ ਇਨਾਮ ਸ਼ਾਮਲ ਕਰੋ ਪਰ ਦੂਜੇ ਪਾਸੇ ਦੇਖਿਆ ਗਿਆ ਹੈ ਕਿ ਰਾਸ਼ਟਰੀ ਮਹੱਤਵ ਦੇ ਤਿਉਹਾਰ ਅੱਜਕਲ੍ਹ ਸਿਰਫ ਫਾਰਮੈਲਟੀਆਂ ਬਣ ਕੇ ਰਹਿ ਗਿਆ ਨੇ। ਉਹਨਾਂ ਇਹ ਡਿਊਟੀ ਪੂਰੀ ਕਰਨਾ ਸਮਝਿਆ ਜਾਂਦਾ ਹੈ। ਸਰਕਾਰੀ ਸਮਾਗਮਾਂ ਵਿੱਚ ਕਈ ਵਾਰ ਇਕੱਲੀ ਫੋਟੋ ਅਪਲੋਡ ਕਰ ਦਿੱਤੀ ਜਾਂਦੀ ਹੈ। ਨੁਕਸਾਨ ਇਹ ਹੋ ਰਿਹਾ ਹੈ ਕਿ ਇਸ ਤਰ੍ਹਾਂ ਨਵੀਂ ਪੀੜ੍ਹੀ ਆਪਣੇ ਇਤਿਹਾਸ ਤੋਂ ਦੂਰ ਹੁੰਦੀ ਜਾ ਰਹੀ ਹੈ। ਲੋੜ ਇਸ ਨੂੰ ਸੰਵੇਦਨਸ਼ੀਲਤਾ ਨਾਲ ਮਨਾਉਂਦੇ ਰਹਿਣ ਦੀ ਹੈ।

ਸਿੱਟੇ ਦੀ ਗੱਲ ਕਰੀਏ ਤਾਂ ਇਹ ਰਾਸ਼ਟਰੀ ਮਹੱਤਵ ਦੇ ਦਿਨ ਸਿਰਫ਼ ਛੁੱਟੀਆਂ ਨਹੀਂ, ਸਿੱਖਣ ਅਤੇ ਪ੍ਰੇਰਣਾ ਦੇ ਸੁਨੇਹੇ ਲੈ ਕੇ ਆਉਂਦੇ ਹਨ। ਜੇ ਸਕੂਲਾਂ ਵਿੱਚ ਇਹ ਦਿਨ ਯੋਜਨਾ ਬੱਧ, ਰਚਨਾਤਮਕ ਤੇ ਭਾਗੀਦਾਰੀ ਵਾਲੇ ਢੰਗ ਨਾਲ ਮਨਾਏ ਜਾਣ, ਤਾਂ ਬੱਚਿਆਂ ਦੇ ਮਨ ਵਿੱਚ ਦੇਸ਼ ਪ੍ਰਤੀ ਮਾਣ ਅਤੇ ਜ਼ਿੰਮੇਵਾਰੀ ਦੀ ਅਟੁੱਟ ਭਾਵਨਾ ਜਗਾਈ ਜਾ ਸਕਦੀ ਹੈ।

ਸਾਡੇ ਤਿਉਹਾਰ ਕਾਗਜ਼ੀ ਨਾ ਹੋਕੇ ਦਿਲੋਂ ਮਨਾਉਣ ਦੀ ਲੋੜ ਹੈ

# ਬਿਜਲੀ ਮੁਲਾਜ਼ਮਾਂ ਵੱਲੋਂ 3 ਦਿਨ ਦੀਆਂ ਸਮੂਹਿਕ ਛੁੱਟੀਆਂ ਭਰਕੇ ਤਿੱਖਾ ਸੰਘਰਸ਼ ਸ਼ੁਰੂ

## ਜੁਆਇੰਟ ਫੋਰਮ, ਏਕਤਾ ਮੰਚ, ਏ ਓ ਜੇ ਈ, ਗਰਿੱਡ ਤੇ ਪੈਨਸ਼ਨਰਜ ਯੂਨੀਅਨ ਵੱਲੋਂ ਕੀਤੀਆਂ ਗਈਆਂ ਗੇਟ ਰੈਲੀਆਂ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 11 ਅਗਸਤ
INTERNATIONAL PAPER, 94636 01616
hardipchumber57@gmail.com



ਲੁਧਿਆਣਾ 11 ਅਗਸਤ () 3 ਦਿਨ ਦੀ ਸਮੂਹਿਕ ਛੁੱਟੀ ਭਰਕੇ ਜੁਆਇੰਟ ਫੋਰਮ, ਏਕਤਾ ਮੰਚ, ਏ ਓ ਜੇ ਈ ਅਤੇ ਗਰਿੱਡ ਯੂਨੀਅਨ ਵੱਲੋਂ ਸਾਂਝੇ ਤੌਰ ‘ਤੇ ਅੱਜ ਪੰਜਾਬ ਭਰ ਦੀਆਂ ਡਵੀਜਨਾਂ ਦੇ ਗੇਟਾਂ ਅੱਗੇ ਗੇਟ ਰੈਲੀਆਂ ਕਰਕੇ ਪੰਜਾਬ ਸਰਕਾਰ, ਬਿਜਲੀ ਮੰਤਰੀ, ਬਿਜਲੀ ਨਿਗਮ ਦੀ ਮੈਨੇਜਮੈਂਟ ਦਾ ਪਿੱਟ ਸਿਆਪਾ ਕੀਤਾ ਗਿਆ ਜਿਸ ਵਿੱਚ ਏਟਕ ਦੀ ਪੈਨਸ਼ਨਰਜ਼ ਯੂਨੀਅਨ ਨੇ ਵੀ ਭਾਗ ਲਿਆ। ਸੈਂਟਰ ਡਵੀਜ਼ਨ ਵਿੱਚ ਜੁਆਇੰਟ ਫੋਰਮ ਦੇ ਸੂਬਾਈ ਆਗੂ ਰਘਵੀਰ ਸਿੰਘ ਰਾਮਗੜ੍ਹ, ਬਿਜਲੀ ਮੁਲਾਜਮ ਏਕਤਾ ਮੰਚ ਦੇ ਰਸ਼ਪਾਲ ਸਿੰਘ ਅਤੇ ਏ ਓ ਜੇ ਈ ਦੇ ਜਗਤਾਰ ਸਿੰਘ ਦੀ ਸਾਂਝੀ ਅਗਵਾਈ ਹੇਠ ਗੇਟ ਰੈਲੀ ਕੀਤੀ ਗਈ ਜਿਸ ਵਿੱਚ ਪਾਵਰਕਾਮ ਐਂਡ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਏਟਕ ਦੇ ਕੇਵਲ ਸਿੰਘ ਬਨਵੈਤ, ਐਸੋਸ਼ੀਏਸ਼ਨ ਆਫ ਜੂਨੀਅਰ ਇੰਜੀਨੀਅਰ ਦੇ ਇੰਜ ਗੁਰਪ੍ਰੀਤ ਸਿੰਘ ਨੇ ਸ਼ਮੂਲੀਅਤ ਕੀਤੀ। ਸ੍ਰ ਰਘਵੀਰ ਸਿੰਘ ਰਾਮਗੜ੍ਹ, ਰਸ਼ਪਾਲ ਸਿੰਘ ਅਤੇ ਜਗਤਾਰ ਸਿੰਘ ਨੇ ਦੱਸਿਆ ਕਿ ਸਾਡੇ ਵੱਲੋਂ 50 ਤੋਂ ਜਿਆਦਾ ਮੰਗਾਂ ਸਬੰਧੀ ਸੰਘਰਸ਼ ਕੀਤਾ ਜਾ ਰਿਹਾ ਸੀ ਅਤੇ ਬੀਤੀ 2 ਜੁਲਾਈ ਨੂੰ ਬਿਜਲੀ ਮੰਤਰੀ, ਸੀ ਐਮ ਡੀ ਅਤੇ ਬਿਜਲੀ ਨਿਗਮ ਦੀ ਮੈਨੇਜਮੈਂਟ ਦਰਮਿਆਨ ਮੋਹਾਲੀ ਵਿਖੇ ਹੋਈ ਲੰਬੀ ਵਿਚਾਰ ਚਰਚਾ ਮੀਟਿੰਗ ਵਿੱਚ ਏਨ੍ਹਾ ਵੱਲੋਂ 25 ਮੰਗਾਂ ਨੂੰ ਬਿਲਕੁਲ ਜਾਇਜ਼ ਮੰਨਦਿਆਂ 10 ਦਿਨ ਦੇ ਅੰਦਰ ਉਨ੍ਹਾਂ ਦਾ ਨੋਟੀਫਿਕੇਸ਼ਨ ਜਾਰੀ ਕਰਨ ਦਾ ਭਰੋਸਾ ਦਿੱਤਾ ਗਿਆ ਸੀ। 10 ਦਿਨ ਬੀਤਣ ਦੇ ਕਾਫੀ ਸਮਾਂ ਬਾਅਦ ਸਾਡੇ ਵੱਲੋਂ ਮੁੜ ਸੰਪਰਕ ਕਰਨ ਤੇ ਸਾਨੂੰ ਲਾਰੇ ਹੀ ਮਿਲੇ। ਰੋਸ ਵਿੱਚ ਆਏ ਬਿਜਲੀ ਮੁਲਾਜਮਾਂ ਵਲੋਂ ਸ਼ਾਂਤਮਈ ਧਰਨੇ ਮੁਜ਼ਾਹਰੇ ਕਰਨ ਤੋਂ ਇਲਾਵਾ 27 ਜੁਲਾਈ ਨੂੰ ਬਿਜਲੀ ਮੰਤਰੀ ਦੀ ਅੰਮ੍ਰਿਤਸਰ ਕੋਠੀ ਦੇ ਬਾਹਰ ਸੂਬਾ ਪੱਧਰੀ ਵਿਸ਼ਾਲ ਧਰਨਾ ਦੇਣ ਉਪਰੰਤ ਮਾਰਚ ਕੀਤਾ ਗਿਆ ਪਰ ਉਥੇ ਵੀ ਜਦੋਂ ਸਾਡੀ ਕੋਈ ਬਾਤ ਨਹੀਂ ਪੁੱਛੀ ਗਈ। ਇਸ ਦੇ ਰੋਸ ਵਿੱਚ ਸਾਡੇ ਵੱਲੋਂ ਉਸੇ ਮੰਚ ਤੋਂ 11,12 ਅਤੇ 13 ਅਗਸਤ ਨੂੰ ਸਮੂਹਿਕ ਛੁੱਟੀਆਂ ਭਰਕੇ ਹੜਤਾਲ ਤੇ ਜਾਣ ਦਾ ਪ੍ਰੋਗਰਾਮ ਦਿੱਤਾ ਗਿਆ ਸੀ। ਜਿਸ ਵੱਲ ਵੀ ਸਰਕਾਰ, ਬਿਜਲੀ ਮੰਤਰੀ ਅਤੇ ਮੈਨੇਜਮੈਂਟ ਨੇ ਕੋਈ ਧਿਆਨ ਨਹੀਂ ਦਿੱਤਾ ਅਤੇ 3 ਦਿਨਾ ਤੋਂ ਸਿਵਾਏ ਟਾਲਮਟੋਲ ਕਰਨ ਦੇ ਕੁਝ ਨਹੀਂ ਹੋ ਰਿਹਾ। ਆਗੂਆਂ ਨੇ ਦੱਸਿਆ ਕਿ ਕੱਲ 12 ਵਜੇ ਤੋਂ ਸ਼ਾਮੀਂ 6 ਵਜੇ ਤੱਕ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਬਿਜਲੀ ਮੰਤਰੀ ਹਰਭਜਨ ਸਿੰਘ ਈਟੀਓ ਅਤੇ ਮੈਨੇਜਮੈਂਟ ਨਾਲ ਲੰਬੀ ਚੱਲੀ ਮੀਟਿੰਗ ਵਿੱਚ ਵਿੱਤ ਮੰਤਰੀ ਨੇ ਵੀ ਬਿਜਲੀ ਮੰਤਰੀ ਵਾਂਗ ਸਾਡੀਆਂ ਮੰਨੀਆਂ ਹੋਈਆਂ ਮੰਗਾਂ ਨੂੰ ਜਾਇਜ਼ ਤਾਂ ਮੰਨਿਆ ਪਰ ਕੋਈ ਵੀ ਨੋਟੀਫਿਕੇਸ਼ਨ ਜਾਰੀ ਕਰਨ ਬਾਰੇ ਨਹੀਂ ਕਿਹਾ। ਅਸੀਂ ਪੰਜਾਬ ਦੇ ਲੋਕਾਂ ਅਤੇ ਪੈਡੀ ਸੀਜ਼ਨ ਵਿਚ ਕਿਸਾਨ ਭਰਾਵਾਂ ਨੂੰ ਕੋਈ ਵੀ ਪ੍ਰੇਸ਼ਾਨੀ ਨਹੀਂ ਸੀ ਦੇਣਾ ਚਾਹੁੰਦੇ ਜਿਸ ਬਾਬਤ ਅਸੀਂ ਰਾਤੀਂ 12:30 ਵਜੇ ਤੱਕ ਮੈਨੇਜਮੈਂਟ ਦੇ ਜਵਾਬ ਦਾ ਇੰਤਜਾਰ ਕੀਤਾ। ਜਦੋਂ ਸਾਨੂੰ ਕੋਈ ਵੀ ਜਵਾਬ ਨਹੀਂ ਮਿਲਿਆ ਤਾਂ ਸਾਨੂੰ ਰਾਤੀਂ ਹੀ ਮਜਬੂਰਨ ਤਿੱਖੇ ਸੰਘਰਸ਼ ਦੀ ਕਾਲ ਦੇਣੀ ਪਈ। ਉਨ੍ਹਾਂ ਦੱਸਿਆ ਕਿ ਬਿਜਲੀ ਮੁਲਾਜਮਾਂ ਵਲੋਂ ਪਹਿਲਾਂ ਹੀ ਕੀਤੀ ਮਜ਼ਬੂਤ ਤਿਆਰੀ ਦੇ ਚੱਲਦਿਆਂ ਵੱਡੀ ਗਿਣਤੀ ਵਿੱਚ ਮੁਲਾਜਮਾਂ ਨੇ ਸਮੂਹਿਕ ਛੁੱਟੀਆਂ ਭਰਕੇ ਤਿੰਨ ਦਿਨਾ ਹੜਤਾਲ ਵਿੱਚ ਭਾਗ ਲਿਆ।

ਗੁਰਪ੍ਰੀਤ ਸਿੰਘ ਮਹਿਦੂਦਾਂ ਨੇ ਦੱਸਿਆ ਕਿ ਜੇਕਰ ਪੰਜਾਬ ਸਰਕਾਰ, ਬਿਜਲੀ ਮੰਤਰੀ ਅਤੇ ਮੈਨੇਜਮੈਂਟ ਨੇ ਫੇਰ ਵੀ ਨੋਟੀਫਿਕੇਸਨ ਜਾਰੀ ਕਰਨ ਚ ਦੇਰੀ ਕੀਤੀ ਤਾਂ ਸਮੂਹਿਕ ਛੁੱਟੀਆਂ ਦੇ ਪ੍ਰੋਗਰਾਮ ਨੂੰ ਹੋਰ ਵਧਾ ਦਿੱਤਾ ਜਾਵੇਗਾ। ਉਨ੍ਹਾਂ ਇਹ ਵੀ ਦੱਸਿਆ ਕਿ 15 ਅਗਸਤ ਨੂੰ ਜਿਸ ਜਗ੍ਹਾ ਉੱਤੇ ਪੰਜਾਬ ਸਰਕਾਰ ਦੇ ਨੁਮਾਇੰਦਿਆਂ ਵਲੋਂ ਝੰਡੇ ਲਹਿਰਾਉਣ ਦਾ ਪ੍ਰੋਗਰਾਮ ਹੈ ਉਸਦੇ ਨਜਦੀਕ ਪੈਂਦੇ ਬਿਜਲੀ ਦਫਤਰ ਦੇ ਬਾਹਰ ਕਾਲੀਆਂ ਝੰਡੀਆਂ ਲਹਿਰਾ ਕੇ ਗੇਟ ਰੈਲੀਆਂ ਕੀਤੀਆਂ ਜਾਣਗੀਆਂ। ਝੰਡਾ ਲਹਿਰਾਉਣ ਵਾਲੇ ਮੁੱਖ ਮਹਿਮਾਨ ਸਮੇਤ ਵਿਧਾਇਕਾਂ ਤੇ ਹੋਰ ਅਹੁਦੇਦਾਰਾਂ ਅਤੇ ਆਮ ਆਦਮੀ ਪਾਰਟੀ ਦੇ ਵਰਕਰਾਂ ਦਾ ਸਵਾਗਤ ਕਾਲੀਆਂ ਝੰਡੀਆਂ ਨਾਲ ਕੀਤਾ ਜਾਵੇਗਾ। ਪੰਜਾਬ ਸਰਕਾਰ ਵੱਲੋਂ ਐਸਮਾ ਲਗਾਏ ਜਾਣ ਤੇ ਸ੍ਰ ਮਹਿਦੂਦਾਂ ਨੇ ਕਿਹਾ ਕਿ ਜਿਨ੍ਹਾਂ ਮੰਗਾਂ ਨੂੰ ਵਿੱਤ ਮੰਤਰੀ ਅਤੇ ਬਿਜਲੀ ਮੰਤਰੀ ਜਾਇਜ ਮੰਨ ਕੇ ਉਨ੍ਹਾਂ ਦੇ ਮੀਟਿੰਗ ਆਫ ਮਿੰਟਸ ਜਾਰੀ ਹੋ ਚੁੱਕੇ ਹਨ ਉਨ੍ਹਾ ਦਾ ਨੋਟੀਫਿਕੇਸਨ ਜਾਰੀ ਕਰਵਾਉਣਾ ਕਿੱਥੋਂ ਗੈਰ ਕਾਨੂੰਨੀ ਹੈ। ਉਨ੍ਹਾਂ ਹੜਤਾਲ ਕਾਰਨ ਖ਼ਪਤਕਾਰਾਂ ਨੂੰ ਆ ਰਹੀਆਂ ਪ੍ਰੇਸ਼ਾਨੀਆਂ ਲਈ ਵੀ ਪੰਜਾਬ ਸਰਕਾਰ, ਦੋਵਾਂ ਮੰਤਰੀਆਂ ਅਤੇ ਮੈਨੇਜਮੈਂਟ ਨੂੰ ਜਿੰਮੇਵਾਰ ਠਹਿਰਾਉਂਦਿਆਂ ਕਿਹਾ ਕਿ ਏਨੇ ਲੰਬੇ ਸਮੇਂ ਤੋਂ ਇਹ ਕੋਈ ਕਾਰਵਾਈ ਕਿਉਂ ਨਹੀਂ ਅਮਲ ਵਿੱਚ ਲਿਆ ਪਾਏ। ਕੀ ਸੰਘਰਸ਼ ਅੱਜ ਹੀ ਸ਼ੁਰੂ ਹੋਇਆ ਹੈ ਜ਼ੋ ਇਹ ਸਾਡੇ ਉੱਤੇ ਐਸਮਾਂ ਲਗਾਉਣ ਦੀਆਂ ਧਮਕੀਆਂ ਦੇ ਰਹੇ ਹਨ। ਸ੍ਰ ਮਹਿਦੂਦਾਂ ਨੇ ਕਿਹਾ ਕਿ ਸਾਰੇ ਮੁਲਾਜਮ ਕਿਸੇ ਵੀ ਐਸਮਾਂ ਜਾਂ ਕਿਸੇ ਹੋਰ ਸਖ਼ਤ ਕਾਨੂੰਨ ਦੀ ਪ੍ਰਵਾਹ ਨਹੀਂ ਕਰਨਗੇ ਬਲਕਿ ਆਪਣੇ ਹੱਕ ਪ੍ਰਾਪਤ ਕਰਨ ਤੱਕ ਤਿੱਖੇ ਤੋਂ ਤਿੱਖਾ ਸੰਘਰਸ਼ ਕਰਨ ਤੋਂ ਗੁਰੇਜ ਨਹੀਂ ਕਰਨਗੇ। ਉਨ੍ਹਾਂ ਸਮੂਹ ਮੁਲਾਜ਼ਮਾਂ ਨੂੰ ਵੀ ਅਪੀਲ ਕੀਤੀ ਕਿ ਸਰਕਾਰ ਦੀ ਕਿਸੇ ਵੀ ਗਿੱਦੜ ਧਮਕੀ ਦੀ ਪ੍ਰਵਾਹ ਨਾ ਕਰਨ ਅਤੇ ਹੱਕਾਂ ਦੀ ਪ੍ਰਾਪਤੀ ਤੱਕ ਸੰਘਰਸ਼ ਚ ਡੱਟੇ ਰਹਿਣ। ਇਸ ਮੌਕੇ ਧਰਮਿੰਦਰ, ਗੱਬਰ ਸਿੰਘ, ਜਤਪ੍ਰੀਤ ਸਿੰਘ, ਦੀਪਕ ਕੁਮਾਰ, ਅਸ਼ੋਕ ਕੁਮਾਰ, ਸੁਰਜੀਤ ਸਿੰਘ ਗਾਬਾ, ਯਤਨ ਸਿੰਘ, ਮੁਕੇਸ਼ ਕੁਮਾਰ, ਕਮਲਜੀਤ ਸਿੰਘ, ਪ੍ਰਭਜੀਤ ਸਿੰਘ, ਗੁਰਪ੍ਰੀਤ ਸਿੰਘ, ਰਣਵੀਰ ਸਿੰਘ, ਬਿਸ਼ਨ ਦਾਸ, ਦੀਪਕ ਕੁਮਾਰ, ਜਤਿੰਦਰ ਸਿੰਘ, ਸੁਧੀਰ ਕੁਮਾਰ, ਗੁਰਪ੍ਰੀਤ ਸਿੰਘ, ਲਖਵੀਰ ਸਿੰਘ, ਬਲਜਿੰਦਰ ਕੁਮਾਰ, ਹਰਦੀਪ ਸਿੰਘ, ਕਿਸ਼ਨ ਸਿੰਘ, ਰਾਜ ਕੁਮਾਰ, ਮੁਨੀਸ਼ ਕੁਮਾਰ ਅਤੇ ਹੋਰ ਹਾਜ਼ਰ ਸਨ।

# ਪੰਜਾਬ ਦੀਆਂ ਆਟੋ ਯੂਨੀਅਨਾਂ ਦੀ ਸਾਂਝੀ ਮੀਟਿੰਗ ਵਿਚ ਆਟੋ ਵਰਕਰਾਂ ਦੇ ਮਸਲਿਆਂ ਉੱਤੇ ਹੋਈ ਵਿਚਾਰ ਚਰਚਾ

## 14 ਮੈਂਬਰੀ ਐਡਹਾਕ ਕਮੇਟੀ ਦਾ ਕੀਤਾ ਗਿਆ ਗਠਨ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 11 ਅਗਸਤ
INTERNATIONAL PAPER, 94636 01616
hardipchumber57@gmail.com






ਨਵਾਂਸ਼ਹਿਰ (ਸਤਨਾਮ ਸਿੰਘ ਸਹੂੰਗੜਾ) ਅੱਜ ਨਿਊ ਆਟੋ ਵਰਕਰ ਯੂਨੀਅਨ(ਇਫਟੂ) ਨਵਾਂਸ਼ਹਿਰ ਦੇ ਯਤਨਾਂ ਸਦਕਾ ਸ਼ਹੀਦ ਮਲਕੀਤ ਚੰਦ ਮੇਹਲੀ ਭਵਨ,ਬੰਗਾ ਰੋਡ, ਨਵਾਂਸ਼ਹਿਰ ਵਿਖੇ ਪੰਜਾਬ ਦੀਆਂ 14 ਆਟੋ ਯੂਨੀਅਨਾਂ ਦੇ ਨੁਮਾਇੰਦਿਆਂ ਦੀ ਮੀਟਿੰਗ ਹੋਈ ਜਿਸ ਵਿਚ ਪੰਜਾਬ ਪੱਧਰੀ 14 ਮੈਂਬਰੀ ਐਡਹਾਕ ਕਮੇਟੀ ਦਾ ਗਠਨ ਕੀਤਾ ਗਿਆ। ਇਸ ਐਡਹਾਕ ਕਮੇਟੀ ਵਿਚ ਉੜਮੁੜ ਟਾਂਡਾ ਆਟੋ ਯੂਨੀਅਨ ਤੋਂ ਸੁਖਵਿੰਦਰ ਸਿੰਘ, ਜਲੰਧਰ ਤੋਂ ਰਣਜੀਤ ਕੁਮਾਰ, ਮਾਛੀਵਾੜਾ ਤੋਂ ਨਿਰਮਲ ਸਿੰਘ, ਰੋਪੜ ਤੋਂ ਰਣਜੀਤ ਕੁਮਾਰ, ਚਮਕੌਰ ਸਾਹਿਬ ਤੋਂ ਰਣਬੀਰ ਸਿੰਘ, ਗੜ੍ਹਸ਼ੰਕਰ ਤੋਂ ਕੁਲਦੀਪ ਕੁਮਾਰ, ਸੜੋਆ (ਬਲਾਚੌਰ) ਤੋਂ ਬਲਵਿੰਦਰ ਸਿੰਘ, ਸਮਰਾਲਾ ਤੋਂ ਦਿਲਾਵਰ ਸਿੰਘ, ਪਟਿਆਲਾ ਤੋਂ ਜਗਦੀਸ਼ ਸਿੰਘ, ਫਿਲੌਰ ਤੋਂ ਰਾਜਾ, ਨੰਗਲ ਤੋਂ ਰਵੀ ਕੁਮਾਰ, ਸੈਲਾ ਤੋਂ ਰਾਜੇਸ਼ ਕੁਮਾਰ, ਬੰਗਾ ਤੋਂ ਕਮਲ, ਨਵਾਂਸ਼ਹਿਰ ਤੋਂ ਪੁਨੀਤ ਕੁਮਾਰ ਬਛੌੜੀ ਨੁਮਾਇੰਦੇ ਸ਼ਾਮਲ ਕੀਤੇ ਗਏ। ਇਸ ਮੀਟਿੰਗ ਵਿਚ ਪੰਜਾਬ ਭਰਤੋਂ ਆਟੋ ਯੂਨੀਅਨਾਂ ਦੇ 122 ਨੁਮਾਇੰਦਿਆਂ ਨੇ ਭਗ ਲਿਆ।ਇਸ ਮੀਟਿੰਗ ਵਿਚ ਤੈਅ ਹੋਇਆ ਕਿ ਪੰਜਾਬ ਦੇ ਹੋਰ ਖੇਤਰਾਂ ਵਿਚ ਖੇਤਰੀ ਪੱਧਰ ਦੀਆਂ ਹੋਰ ਮੀਟਿੰਗਾਂ ਕਰਕੇ ਐਡਹਾਕ ਕਮੇਟੀ ਨੂੰ ਹੋਰ ਵਿਸਤਾਰ ਦਿੱਤਾ ਜਾਵੇਗੀ। ਮੀਟਿੰਗ ਨੂੰ ਸੰਬੋਧਨ ਕਰਦਿਆਂ ਇਫਟੂ ਪੰਜਾਬ ਦੇ ਸੂਬਾ ਪ੍ਰਧਾਨ ਕੁਲਵਿੰਦਰ ਸਿੰਘ ਵੜੈਚ, ਸੂਬਾ ਪ੍ਰੈਸ ਸਕੱਤਰ ਜਸਬੀਰ ਦੀਪ ਨੇ ਕਿਹਾ ਕਿ ਆਟੋ ਵਰਕਰਾਂ ਲਈ ਹਰ ਪੈਰ ਉੱਤੇ ਮੁਸ਼ਕਲਾਂ ਹਨ ਜਿਹਨਾਂ ਵਿਚ ਪੁਲਸ ਵਲੋਂ ਮਹੀਨਾ ਵਸੂਲੀ, ਆਟੋ ਪਾਸਿੰਗ, ਪਰਮਿਟ ਫੀਸਾਂ, ਬੈਂਕ ਦੀਆਂ ਕਿਸ਼ਤਾਂ, ਬੱਸ ਅੱਡਿਆਂ ਵਿਚ ਐਂਟਰੀ ਫੀਸ, ਬੱਸ ਮਾਲਕਾਂ ਦਾ ਧੱਕਾ ਅਤੇ ਧੌਂਸ, ਟਰੈਫਿਕ ਪੁਲਸ ਵਲੋਂ ਕੀਤੇ ਜਾਂਦੇ ਭਾਰੀ ਚਲਾਣ।ਉਹਨਾਂ ਕਿਹਾ ਕਿ ਆਟੋ ਵਰਕਰ ਬਿਨਾਂ ਸਰਕਾਰ ਉੱਤੇ ਕੋਈ ਬੋਝ ਪਾਇਆਂ ਸਵੈਰੁਜ਼ਗਾਰ ਚਲਾ ਰਹੇ ਹਨ ਸਗੋਂ ਉਲਟਾ ਟੈਕਸਾਂ ਰਾਹੀਂ ਸਰਕਾਰ ਦਾ ਖਜਾਨਾ ਭਰਦੇ ਹਨ।ਲੋਕਾਂ ਲਈ ਪਹਿਲੀ ਪਸੰਦ ਆਟੋ ਸਵਾਰੀ ਹਨ ਜਿਸਦਾ ਘੱਟ ਕਿਰਾਇਆ ਉਹਨਾਂ ਦੀ ਜੇਬਾਂ ਨੂੰ ਭਾਰ ਮਹਿਸੂਸ ਨਹੀਂ ਕਰਾਉਂਦਾ।ਉਹਨਾਂ ਆਟੋ ਵਰਕਰਾਂ ਨੂੰ ਇਕ ਜਥੇਬੰਦੀ ਵਿਚ ਪਰੋਏ ਜਾਣ ਦੀ ਸਲਾਹ ਦਿੰਦੇ ਹੋਏ ਕਿਹਾ ਕਿ ਉਹਨਾਂ ਨੂੰ ਉਹਨਾਂ ਦੀ ਮਜਬੂਤ ਜਥੇਬੰਦੀ ਅਤੇ ਤਿੱਖਾ ਸੰਘਰਸ਼ ਹੀ ਉਹਨਾਂ ਦੇ ਕਾਰੋਬਾਰ ਨੂੰ ਬਚਾ ਸਕਦਾ ਹੈ।ਇਸ ਮੀਟਿੰਗ ਨੂੰ ਰਣਜੀਤ ਕੁਮਾਰ ਪਧਾਨ ਭਗਤ ਸਿੰਘ ਆਟੋ ਯੂਨੀਅਨ ਜਲੰਧਰ, ਸੁਖਵਿੰਦਰ ਸਿੰਘ ਪਧਾਨ ਆਟੋ ਯੂਨੀਅਨ ਉੜਮੁੜ ਟਾਂਡਾ,ਨਿਊ ਆਟੋ ਵਰਕਰ ਯੂਨੀਅਨ ਨਵਾਂਸ਼ਹਿਰ ਦੇ ਪ੍ਰਧਾਨ ਪੁਨੀਤ ਕੁਮਾਰ ਬਛੌੜੀ, ਰਣਜੀਤ ਕੁਮਾਰ ਰੋਪੜ,ਕਮਲ ਬੰਗਾ, ਨਿਰਮਲ ਸਿੰਘ ਮਾਛੀਵਾੜਾ, ਰਣਬੀਰ ਸਿੰਘ ਚਮਕੌਰ ਸਾਹਿਬ, ਕੁਲਦੀਪ ਕੁਮਾਰ ਗੜ੍ਹਸ਼ੰਕਰ, ਬਲਵਿੰਦਰ ਸਿੰਘ ਸੜੋਆ, ਦਿਲਾਵਰ ਸਿੰਘ ਸਮਰਾਲਾ, ਜਗਦੀਸ਼ ਸਿੰਘ ਪਟਿਆਲਾ, ਅਮਰੀਕ ਸਿੰਘ ਫਿਲੌਰ, ਰਵੀ ਕੁਮਾਰ ਨੰਗਲ ਡੈਮ ਨੇ ਵੀ ਸੰਬੋਧਨ ਕੀਤਾ।

# ਆਸ਼ਾ ਕਿਰਨ ਸਕੂਲ ਨੂੰ ਵਰਧਮਾਨ ਗਰੁੱਪ ਨੇ 6.50 ਲੱਖ ਰੁਪਏ ਦਾ ਚੈੱਕ ਦਿੱਤਾ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 11 ਅਗਸਤ
INTERNATIONAL PAPER, 94636 01616
hardipchumber57@gmail.com



ਹੁਸ਼ਿਆਰਪੁਰ (ਸਤਨਾਮ ਸਿੰਘ ਸਹੂੰਗੜਾ) ਵਰਧਮਾਨ ਗਰੁੱਪ ਵੱਲੋਂ ਜੇਐਸਐਸ ਆਸ਼ਾ ਕਿਰਨ ਸਪੈਸ਼ਲ ਸਕੂਲ ਜਹਾਨਖੇਲਾ ਦੇ ਵਿਸ਼ੇਸ਼ ਬੱਚਿਆਂ ਦੀ ਭਲਾਈ ਲਈ ਆਸ਼ਾਦੀਪ ਵੈਲਫੇਅਰ ਸੁਸਾਇਟੀ ਦੇ ਮੈਂਬਰਾਂ ਨੂੰ 6.50 ਲੱਖ ਦਾ ਚੈੱਕ ਭੇਟ ਕੀਤਾ ਗਿਆ। ਚੈੱਕ ਦਿੰਦੇ ਹੋਏ ਕੰਪਨੀ ਦੇ ਮੈਨੇਜਿੰਗ ਡਾਇਰੈਕਟਰ ਸੰਜੀਵ ਨਰੂਲਾ, ਸੀਏ ਤਰੁਣ ਚਾਵਲਾ ਸੀਐਫਓ ਅਤੇ ਡਾਇਰੈਕਟਰ ਵਰਧਮਾਨ ਗਰੁੱਪ ਵਿਸ਼ੇਸ਼ ਤੌਰ ’ਤੇ ਮੌਜੂਦ ਸਨ। ਇਸ ਮੌਕੇ ਪ੍ਰਧਾਨ ਹਰਬੰਸ ਸਿੰਘ ਅਤੇ ਸੈਕਟਰੀ ਕਰਨਲ ਗੁਰਮੀਤ ਸਿੰਘ ਨੇ ਸੁਸਾਇਟੀ ਵੱਲੋਂ ਚੈੱਕ ਪ੍ਰਾਪਤ ਕੀਤਾ। ਇਸ ਮੌਕੇ ਸਕੱਤਰ ਕਰਨਲ ਗੁਰਮੀਤ ਸਿੰਘ ਨੇ ਕਿਹਾ ਕਿ ਪਹਿਲਾਂ ਵੀ ਵਰਧਮਾਨ ਗਰੁੱਪ ਵੱਲੋਂ ਸਕੂਲ ਨੂੰ 2 ਬੱਸਾਂ ਦਿੱਤੀਆਂ ਜਾ ਚੁੱਕੀਆਂ ਹਨ। ਇਸ ਸਮੇਂ ਸੰਜੀਵ ਨਰੂਲਾ ਨੇ ਕਿਹਾ ਕਿ ਆਸ਼ਾਦੀਪ ਵੈਲਫੇਅਰ ਸੁਸਾਇਟੀ ਵਿਸ਼ੇਸ਼ ਬੱਚਿਆਂ ਦੇ ਪੁਨਰਵਾਸ ਦਾ ਸ਼ਲਾਘਾਯੋਗ ਕੰਮ ਕਰ ਰਹੀ ਹੈ ਅਤੇ ਨਾਲ ਹੀ ਇਨ੍ਹਾਂ ਬੱਚਿਆਂ ਨੂੰ ਸਮਾਜ ਦੀ ਮੁੱਖ ਧਾਰਾ ਨਾਲ ਜੋੜਿਆ ਜਾ ਰਿਹਾ ਹੈ। ਇਸ ਮੌਕੇ ਤਰੁਣ ਚਾਵਲਾ ਨੇ ਕਿਹਾ ਕਿ ਜਦੋਂ ਵੀ ਉਹ ਵਿਸ਼ੇਸ਼ ਬੱਚਿਆਂ ਦੇ ਇਸ ਸਕੂਲ ਆਉਦੇ ਹਨ ਤਾਂ ਉਨ੍ਹਾਂ ਦੇ ਮਨ ਨੂੰ ਸ਼ਾਂਤੀ ਮਿਲਦੀ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਬੱਚਿਆਂ ਦੀ ਸੇਵਾ ਕਰਨ ਤੋਂ ਵੱਡੀ ਕੋਈ ਸੇਵਾ ਨਹੀਂ ਹੈ। ਆਖਿਰ ਵਿੱਚ ਕਰਨਲ ਗੁਰਮੀਤ ਸਿੰਘ ਅਤੇ ਪ੍ਰਧਾਨ ਹਰਬੰਸ ਸਿੰਘ ਵੱਲੋਂ ਵਰਧਮਾਨ ਗਰੁੱਪ ਦੇ ਐਮਡੀ ਸੰਜੀਵ ਨਰੂਲਾ ਅਤੇ ਸੀਏ ਤਰੁਣ ਚਾਵਲਾ ਦਾ ਧੰਨਵਾਦ ਕੀਤਾ ਗਿਆ।

# ਲੈਂਡ ਪੂਲਿੰਗ ਕਿਸਾਨਾਂ ਅਤੇ ਸੂਬੇ ਦੀ ਆਰਥਿਕਤਾ ਦੇ ਲਈ ਘਾਤਕ : ਸੁਰਿੰਦਰ ਜੌੜਾ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 11 ਅਗਸਤ
INTERNATIONAL PAPER, 94636 01616
hardipchumber57@gmail.com



ਜ਼ੀਰਾ 11 ਅਗਸਤ ( ਅੰਗਰੇਜ਼ ਬਰਾੜ ) - ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਮੈਂਬਰ ਸੁਰਿੰਦਰ ਸਿੰਘ ਜੌੜਾ ਨੇ ਲੈਂਡ ਪੂਲਿੰਗ ਨੀਤੀ ਨੂੰ ਪੰਜਾਬ ਦੇ ਕਿਸਾਨਾਂ ਅਤੇ ਸੂਬੇ ਦੀ ਆਰਥਿਕਤਾ ਲਈ ਘਾਤਕ ਕਰਾਰ ਦਿੱਤਾ। ਉਨ੍ਹਾਂ ਨੇ ਚੇਤਾਵਨੀ ਦਿੱਤੀ ਕਿ ਇਸ ਨੀਤੀ ਦੇ ਨਕਾਰਾਤਮਕ ਪ੍ਰਭਾਵ ਨਾਲ ਨਾ ਸਿਰਫ਼ ਕਿਸਾਨਾਂ ਦੀ ਆਮਦਨ ’ਤੇ ਅਸਰ ਪਵੇਗਾ, ਸਗੋਂ ਪੰਜਾਬ ਦਾ ਸਮਾਜਿਕ ਅਤੇ ਆਰਥਿਕ ਮਾਹੌਲ ਵੀ ਵਿਗੜ ਸਕਦਾ ਹੈ।

ਸੁਰਿੰਦਰ ਸਿੰਘ ਜੌੜਾ ਨੇ ਜ਼ੋਰ ਦੇ ਕੇ ਕਿਹਾ ਕਿ ਕੇਂਦਰ ਅਤੇ ਰਾਜ ਸਰਕਾਰਾਂ ਨੂੰ ਇਸ ਸਬੰਧ ਵਿੱਚ ਤੁਰੰਤ ਠੋਸ ਅਤੇ ਕਿਸਾਨ-ਪੱਖੀ ਨੀਤੀ ਅਪਣਾਉਣ ਦੀ ਲੋੜ ਹੈ, ਜਿਸ ਨਾਲ ਕਿਸਾਨਾਂ ਦੇ ਹਿੱਤਾਂ ਦੀ ਸੁਰੱਖਿਆ ਯਕੀਨੀ ਬਣਾਈ ਜਾ ਸਕੇ। ਉਨ੍ਹਾਂ ਨੇ ਕਿਹਾ, “ਜੇ ਕਿਸਾਨ ਦੀ ਆਮਦਨ ’ਤੇ ਅਸਰ ਪੈਂਦਾ ਹੈ, ਤਾਂ ਇਸ ਦਾ ਸਿੱਧਾ ਪ੍ਰਭਾਵ ਬਜ਼ਾਰੀ ਕਾਰੋਬਾਰ ਅਤੇ ਵਪਾਰਕ ਗਤੀਵਿਧੀਆਂ ’ਤੇ ਪਵੇਗਾ। ਇਸ ਨਾਲ ਨਾ ਸਿਰਫ਼ ਵਪਾਰ ਵਿੱਚ ਮੰਦੀ ਆਵੇਗੀ, ਸਗੋਂ ਸੂਬੇ ਦੀ ਆਰਥਿਕ ਪ੍ਰਣਾਲੀ ’ਤੇ ਵੀ ਬੁਰਾ ਅਸਰ ਪਵੇਗਾ। ਜੌੜਾ ਨੇ ਸਰਕਾਰ ਨੂੰ ਅਪੀਲ ਕੀਤੀ ਕਿ ਉਹ ਕਿਸਾਨਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਅਧਾਰ ’ਤੇ ਹੱਲ ਕਰੇ ਅਤੇ ਲੈਡ ਪੂਲਿੰਗ ਨੀਤੀ ਦੇ ਮੁੜ ਮੁਲਾਂਕਣ ਲਈ ਜਨਤਕ ਵਿਚਾਰ-ਵਟਾਂਦਰੇ ਨੂੰ ਉਤਸ਼ਾਹਿਤ ਕਰੇ। ਉਨ੍ਹਾਂ ਨੇ ਕਿਸਾਨ ਜਥੇਬੰਦੀਆਂ ਅਤੇ ਸਮਾਜ ਦੇ ਹੋਰ ਵਰਗਾਂ ਨੂੰ ਵੀ ਸੱਦਾ ਦਿੱਤਾ ਕਿ ਉਹ ਇਸ ਮੁੱਦੇ ’ਤੇ ਇਕਜੁੱਟ ਹੋ ਕੇ ਆਵਾਜ਼ ਬੁਲੰਦ ਕਰਨ, ਤਾਂ ਜੋ ਸਰਕਾਰ ’ਤੇ ਦਬਾਅ ਪਾਇਆ ਜਾ ਸਕੇ। ਇਸ ਮੌਕੇ ਸੁਰਿੰਦਰ ਸਿੰਘ ਜੌੜਾ ਨੇ ਕਾਂਗਰਸ ਪਾਰਟੀ ਦੀ ਵਚਨਬੱਧਤਾ ਨੂੰ ਦੁਹਰਾਇਆ ਕਿ ਪਾਰਟੀ ਹਮੇਸ਼ਾ ਕਿਸਾਨਾਂ ਅਤੇ ਪੰਜਾਬ ਦੇ ਹਿੱਤਾਂ ਲਈ ਸੰਘਰਸ਼ ਜਾਰੀ ਰੱਖੇਗੀ।

# ਪੰਜਾਬ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਨੇ ਪਟਿਆਲਾ ਵਿਖੇ ਕੀਤੀ ਮਹੀਨਾਵਾਰ ਮੀਟਿੰਗ -ਸੁਰਜੀਤ ਗੋਰੀਆ

"Equality and justice" Patiala 11 August INTERNATIONAL PAPER, 94636 01616 hardipchumber57@gmail.com



